


ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਸ਼ਨੀਵਾਰ, 05 ਜਨਵਰੀ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 204, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181–2211009 ✶ M : 99155-94111




## 6 ਭਾਰਤੀ-ਅਮਰੀਕੀਆਂ ਨੇ ਅਮਰੀਕੀ ਪ੍ਰਤੀਨਿਧ ਸਦਨ ਦੇ ਮੈਂਬਰ ਵਜੋਂ ਹਲਫ਼ ਲਿਆ

**ਵਾਸ਼ਿੰਗਟਨ, ਲੋਕ ਬਾਣੀ**-ਛੇ ਭਾਰਤੀ-ਅਮਰੀਕੀ ਆਗੂਆਂ ਨੇ ਅਮਰੀਕੀ ਪ੍ਰਤੀਨਿਧ ਸਦਨ ਦੇ ਮੈਂਬਰ ਵਜੋਂ ਹਲਫ ਲਿਆ ਹੈ। ਉਂਝ ਇਹ ਪਹਿਲੀ ਵਾਰ ਹੈ ਜਦੋਂ ਇਕੋ ਵੇਲੇ ਛੇ ਭਾਰਤੀ ਅਮਰੀਕੀਆਂ ਨੇ ਪ੍ਰਤੀਨਿਧ ਸਦਨ ਦੇ ਮੈਂਬਰਾਂ ਵਜੋਂ ਸਹੁੰ ਚੁੱਕੀ ਹੈ। ਇਨ੍ਹਾਂ ਵਿਚ ਡਾ. ਐਮੀ ਬੇਰਾ, ਸੁਹਾਸ




ਸੁਬਰਾਮਨੀਅਮ, ਸ੍ਰੀ ਥਾਨੇਦਾਰ, ਰੋਅ ਖੰਨਾ, ਰਾਜਾ ਕ੍ਰਿਸ਼ਨਾਮੂਰਤੀ ਤੇ ਪ੍ਰਮਿਲਾ ਜੈਪਾਲ ਸ਼ਾਮਲ ਹਨ।

## US, UNA ਸੁਲੀਵਾਨ ਮਹੱਤਵਪੂਰਨ ਪਹਿਲਕਦਮੀਆਂ ਨੂੰ ਅੰਤਿਮ ਰੂਪ ਦੇਣ ਲਈ ਭਾਰਤ ਆਉਣਗੇ

**ਵਾਸ਼ਿੰਗਟਨ,,ਲੋਕ ਬਾਣੀ**- ਅਮਰੀਕਾ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਜੈਕ ਸੁਲੀਵਾਨ ਆਪਣੇ ਹਮਰੁਤਬਾ ਅਜੀਤ ਕੇ ਡੋਵਾਲ ਅਤੇ ਹੋਰ ਉੱਚ ਸਰਕਾਰੀ ਅਧਿਕਾਰੀਆਂ ਨਾਲ ਦੁਵੱਲੇ, ਖੇਤਰੀ ਅਤੇ ਵਿਸ਼ਵ ਪੱਧਰੀ ਮੁੱਦਿਆਂ 'ਤੇ ਅੰਤਿਮ ਦੌਰ ਦੀ ਗੱਲਬਾਤ ਲਈ 5 ਅਤੇ 6 ਜਨਵਰੀ ਨੂੰ ਭਾਰਤ ਦੀ ਯਾਤਰਾ ਕਰਨਗੇ।

ਉਨ੍ਹਾਂ ਦੀ ਭਾਰਤ ਫੇਰੀ ਉਦੋਂ ਸਾਹਮਣੇ ਆਈ ਹੈ ਜਦੋਂ ਜੋ ਬਿਡੇਨ ਪ੍ਰਸ਼ਾਸਨ



ਆਪਣਾ ਚਾਰ ਸਾਲ ਦਾ ਕਾਰਜਕਾਲ ਪੂਰਾ ਕਰਨ ਦੀ ਤਿਆਰੀ ਕਰ ਰਿਹਾ ਹੈ।

## ਚੀਨ ਚ ਸਾਹ ਦੀ ਵੱਧ ਰਹੀ ਬਿਮਾਰੀ ਕਾਰਨ ਸਿਹਤ ਮੰਤਰਾਲੇ ਨੇ ਬੁਲਾਈ ਸੰਯੁਕਤ ਨਿਗਰਾਨੀ ਸਮੂਹ ਦੀ ਮੀਟਿੰਗ

**ਨਵੀਂ ਦਿੱਲੀ ਲੋਕ ਬਾਣੀ**- ਚੀਨ ਵਿਚ ਪਿਛਲੇ ਕੁਝ ਹਫ਼ਤਿਆਂ ਵਿਚ ਸਾਹ ਦੀਆਂ ਬਿਮਾਰੀਆਂ ਦੇ ਵੱਧ ਰਹੇ ਮਾਮਲਿਆਂ ਦੇ ਮੱਦੇਨਜ਼ਰ ਕੇਂਦਰੀ ਸਿਹਤ ਮੰਤਰਾਲੇ ਨੇ ਸੰਯੁਕਤ ਨਿਗਰਾਨੀ ਸਮੂਹ ਦੀ ਮੀਟਿੰਗ ਬੁਲਾਈ ਹੈ। ਕੇਂਦਰੀ ਸਿਹਤ ਮੰਤਰਾਲਾ ਸਾਰੇ ਉਪਲਬਧ ਚੈਨਲਾਂ ਰਾਹੀਂ ਚੀਨ ਦੀ ਸਥਿਤੀ ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਵਿਸ਼ਵ ਸਿਹਤ ਸੰਗਠਨ (ਡਬਲਯੂ.ਐਚ.ਓ.) ਨੂੰ ਸਥਿਤੀ ਬਾਰੇ ਸਮੇਂ ਸਿਰ ਅੱਪਡੇਟ ਸਾਂਝੇ ਕਰਨ ਦੀ ਬੇਨਤੀ ਕੀਤੀ ਗਈ ਹੈ। ਭਾਰਤ ਸਾਹ




ਦੀਆਂ ਬਿਮਾਰੀਆਂ ਨਾਲ ਨਜਿੱਠਣ ਲਈ ਚੰਗੀ ਤਰ੍ਹਾਂ ਤਿਆਰ ਹੈ, ਨਿਗਰਾਨੀ ਵਿੱਚ ਕੋਈ ਅਸਾਧਾਰਨ ਵਾਧਾ ਨਹੀਂ ਹੁੰਦਾ।

## ਪ੍ਰਿਯੰਕਾ ਗਾਂਧੀ ਵਾਡਰਾ ਨੇ ਛੱਤੀਸਗੜ੍ਹ ਚ ਪੱਤਰਕਾਰ ਦੇ ਕਤਲ ਮਾਮਲੇ ਚ ਕੀਤਾ ਟਵੀਟ

**ਨਵੀਂ ਦਿੱਲੀ, ਲੋਕ ਬਾਣੀ**- -ਕਾਂਗਰਸੀ ਸਾਂਸਦ ਪ੍ਰਿਯੰਕਾ ਗਾਂਧੀ ਵਾਡਰਾ ਨੇ ਟਵੀਟ ਕੀਤਾ ਕਿ ਛੱਤੀਸਗੜ੍ਹ ਦੇ ਬਸਤਰ ਵਿਚ ਪੱਤਰਕਾਰ ਮੁਕੇਸ਼ ਚੰਦਰਾਕਰ ਦੇ ਕਤਲ ਦੀ ਖ਼ਬਰ ਹੈਰਾਨ ਕਰਨ ਵਾਲੀ ਹੈ। ਰਿਪੋਰਟਾਂ ਮੁਤਾਬਕ ਮੁਕੇਸ਼ ਦਾ ਆਪਣੀ ਰਿਪੋਰਟ ਵਿਚ ਭ੍ਰਿਸ਼ਟਾਚਾਰ ਦਾ ਪਰਦਾਫਾਸ਼ ਕਰਨ ਤੋਂ ਬਾਅਦ ਬੇਰਹਿਮੀ ਨਾਲ ਕਤਲ ਕਰ ਦਿੱਤਾ ਹੈ। ਮੈਂ ਸੂਬਾ ਸਰਕਾਰ ਤੋਂ ਮੰਗ ਕਰਦੀ ਹਾਂ ਕਿ ਸਖ਼ਤ ਅਤੇ ਤੁਰੰਤ ਇਸ ਮਾਮਲੇ ਵਿਚ ਕਾਰਵਾਈ ਕੀਤੀ ਜਾਵੇ, ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ ਅਤੇ ਢੁਕਵਾਂ ਮੁਆਵਜ਼ਾ ਦਿੱਤਾ ਜਾਵੇ ਅਤੇ ਮ੍ਰਿਤਕ



ਦੇ ਪਰਿਵਾਰ ਨੂੰ ਨੌਕਰੀ ਦੇਣ ਬਾਰੇ ਵਿਚਾਰ ਕੀਤਾ ਜਾਵੇ।

## ਖਨੌਰੀ ਅੰਦੋਲਨ ਨਾਲ ਟੋਹਾਣਾ ਕਿਸਾਨ ਮਹਾਪੰਚਾਇਤ ਦਾ ਕੋਈ ਸਬੰਧ ਨਹੀਂ: ਟਿਕੈਤ

**ਫਤਿਆਬਾਦ ਲੋਕ ਬਾਣੀ**- ਕਿਸਾਨ ਨੇਤਾ ਰਾਕੇਸ਼ ਟਿਕੈਤ ਨੇ ਵੱਖ-ਵੱਖ ਥਾਵਾਂ 'ਤੇ ਕੀਤੀਆਂ ਜਾ ਰਹੀਆਂ ਕਿਸਾਨ ਮਹਾਪੰਚਾਇਤਾਂ ਦੇ ਸਵਾਲ ਦੇ ਜਵਾਬ ਵਿੱਚ ਇੱਥੇ ਕਿਹਾ ਕਿ ਖਨੌਰੀ ਬਾਰਡਰ ਕਮੇਟੀ ਦਾ ਉੱਥੇ ਅੰਦੋਲਨ 10-11 ਮਹੀਨਿਆਂ ਤੋਂ ਜਾਰੀ ਹੈ ਅਤੇ ਟੋਹਾਣਾ ਵਿੱਚ ਇੱਕ ਦਿਨ ਦੀ ਪੰਚਾਇਤ ਕੀਤੀ ਜਾ ਰਹੀ ਹੈ, ਜਿਸ ਵਿੱਚ ਕਿਸਾਨੀ ਮੰਗਾਂ ਚੁੱਕੀਆਂ ਜਾ ਰਹੀਆਂ ਹਨ। ਇਸ ਮਹਾਪੰਚਾਇਤ ਅਤੇ ਖਨੌਰੀ ਅੰਦੋਲਨ ਦਾ ਆਪਸ 'ਚ ਕੋਈ ਸਬੰਧ ਨਹੀਂ ਹੈ। ਕਿਸਾਨ ਨੇਤਾ



ਰਾਕੇਸ਼ ਟਿਕੈਤ ਸ਼ਨਿੱਚਰਵਾਰ ਨੂੰ ਟੋਹਾਣਾ ਵਿੱਚ ਕਰਵਾਈ ਕਿਸਾਨ ਮਹਾਪੰਚਾਇਤ 'ਚ ਸ਼ਾਮਲ ਹੋਣ ਆਏ ਸਨ। ਮਹਾਪੰਚਾਇਤ ਵਿੱਚ ਕਿਸਾਨ ਨੇਤਾ ਜੋਗਿੰਦਰ ਸਿੰਘ ਉਗਰਾਹਾਂ ਵੀ ਮੌਜੂਦ ਸਨ।

## ਬੱਸ ਹਾਦਸੇ 'ਚ ਫ਼ੌਤ ਹੋਈਆਂ ਕੋਠਾ ਗੁਰੂ ਦੀਆਂ ਤਿੰਨੋਂ ਕਿਸਾਨ ਬੀਬੀਆਂ ਕਿਸਾਨੀ ਸੰਘਰਸ਼ ਨਾਲ ਜੁੜੀਆਂ

**ਭਗਤਾ ਭਾਈ, ਲੋਕ ਬਾਣੀ**--ਪਿੰਡ ਕੋਠਾ ਗੁਰੂ ਤੋਂ ਟੋਹਾਣਾ (ਹਰਿਆਣਾ) ਵਿੱਚ ਕਿਸਾਨ ਮਹਾਪੰਚਾਇਤ 'ਚ ਸ਼ਾਮਲ ਹੋਣ ਜਾ ਰਹੀ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੀ ਬੱਸ ਅੱਜ ਸਵੇਰੇ ਬਠਿੰਡਾ-ਬਰਨਾਲਾ ਹਾਈਵੇਅ 'ਤੇ ਸੰਘਣੀ ਧੁੰਦ ਕਾਰਨ ਹਾਦਸਾਗ੍ਰਸਤ ਹੋ ਗਈ। ਹਾਦਸੇ ਵਿੱਚ ਫ਼ੌਤ ਹੋਈਆਂ ਤਿੰਨੋਂ ਕਿਸਾਨ ਬੀਬੀਆਂ ਪਿਛਲੇ ਲੰਬੇ ਸਮੇਂ ਤੋਂ ਕਿਸਾਨੀ ਸੰਘਰਸ਼



ਨਾਲ ਨੇੜਿਓਂ ਜੁੜੀਆਂ ਹੋਈਆਂ ਸਨ। ਪਿੰਡ ਕੋਠਾ ਗੁਰੂ ਦੀਆਂ ਇਨ੍ਹਾਂ ਮਹਿਲਾਵਾਂ ਵਿੱਚ ਜਸਵੀਰ ਕੌਰ (70), ਸਰਬਜੀਤ ਕੌਰ (60) ਤੇ ਬਲਵੀਰ ਕੌਰ (65) ਸ਼ਾਮਲ ਹਨ।

## ਡੱਲੇਵਾਲ ਨੂੰ ਕੁਝ ਹੋਇਆ ਤਾਂ ਕੇਂਦਰ ਸਰਕਾਰ ਦੀ ਹੋਵੇਗੀ ਜ਼ਿੰਮੇਵਾਰੀ: ਉਗਰਾਹਾਂ

**ਟੋਹਾਣਾ, ਲੋਕ ਬਾਣੀ**--ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਅੱਜ ਇਥੋਂ ਦੀ ਐਡੀਸ਼ਨਲ ਅਨਾਜ ਮੰਡੀ ਵਿੱਚ ਹੋਈ ਕਿਸਾਨ ਮਹਾਪੰਚਾਇਤ ਦੌਰਾਨ ਆਪਣੇ ਸੰਬੋਧਨ 'ਚ ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵਾਅਦਾਖਿਲਾਫ਼ੀ ਕਰ ਰਹੀ ਹੈ ਅਤੇ ਉਹ ਦਿੱਲੀ ਅੰਦੋਲਨ ਖ਼ਤਮ ਕਰਨ ਲਈ ਕੀਤੇ ਸਮਝੌਤੇ ਤੋਂ ਪਿੱਛੇ ਹਟ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਅਨਾਜ ਦਾ ਵਪਾਰ ਕਾਰਪੋਰੇਟ



ਘਰਾਣਿਆਂ ਨੂੰ ਸੌਂਪਣ ਦੇ ਇਰਾਦੇ ਨਾਲ ਖੇਤੀ ਕਾਨੂੰਨ ਪਿਛਲੇ ਦਰਵਾਜ਼ਿਉਂ ਮੁੜ ਤੋਂ ਲਾਗੂ ਕਰਨ ਜਾ ਰਹੀ ਹੈ। ਉਨ੍ਹਾਂ ਡੱਲੇਵਾਲ ਦੀ ਮੰਗ ਨੂੰ ਮੰਨ ਲੈਣ ਲਈ ਕੇਂਦਰ ਸਰਕਾਰ 'ਤੇ ਦਬਾਅ ਬਣਾਉਣ ਵਾਸਤੇ ਕਿਹਾ।

## ਅੰਮ੍ਰਿਤਸਰ 'ਚ ਸੰਘਣੀ ਧੁੰਦ ਕਾਰਨ ਲੀਹੋਂ ਲੱਥੀ ਜ਼ਿੰਦਗੀ

**ਅੰਮ੍ਰਿਤਸਰ, ਲੋਕ ਬਾਣੀ**--ਇੱਥੇ ਅੱਜ ਪਈ ਸੰਘਣੀ ਧੁੰਦ ਨੇ ਆਮ ਜਨ ਜੀਵਨ ਨੂੰ ਪ੍ਰਭਾਵਿਤ ਕੀਤਾ ਹੈ। ਧੁੰਦ ਕਾਰਨ ਸਮੁੱਚੀ ਆਵਾਜਾਈ ਪ੍ਰਭਾਵਿਤ ਹੋਈ ਹੈ ਅਤੇ ਇਸ ਨਾਲ ਹਵਾਈ ਉਡਾਨਾਂ ਵੀ ਪ੍ਰਭਾਵਿਤ ਹੋਈਆਂ ਹਨ। ਬੀਤੇ ਕੱਲ੍ਹ ਤੋਂ ਆਰੰਭ ਹੋਈ ਧੁੰਦ ਨੇ ਅੱਜ ਵਧੇਰੇ ਸੰਘਣਾ ਰੂਪ ਅਖਤਿਆਰ ਕਰ ਲਿਆ, ਜਿਸ ਨਾਲ ਸਮੁੱਚਾ ਜਨ ਜੀਵਨ ਅਸਰ ਅੰਦਾਜ਼ ਹੋਇਆ ਹੈ। ਅੱਜ ਤੜਕੇ ਤੋਂ ਹੀ ਸੰਘਣੀ ਧੁੰਦ ਸੀ ਅਤੇ ਲਗਭਗ ਸਾਰਾ ਦਿਨ ਹੀ ਧੁੰਦ ਦਾ ਕਹਿਰ ਜਾਰੀ ਰਿਹਾ। ਦੁਪਹਿਰ ਵੇਲੇ ਕੁਝ ਸਮਾਂ ਧੁੰਦ ਚੁੱਕੀ ਗਈ ਸੀ ਪਰ ਸ਼ਾਮ ਵੇਲੇ ਮੁੜ ਧੁੰਦ ਪੈਣੀ ਸ਼ੁਰੂ ਹੋ ਗਈ। ਸੰਘਣੀ ਧੁੰਦ ਨੇ ਸੜਕ, ਰੇਲ ਤੇ ਹਵਾਈ ਆਵਾਜਾਈ ਸਮੇਤ ਸਮੁੱਚੀ ਆਵਾਜਾਈ ਨੂੰ



ਪ੍ਰਭਾਵਿਤ ਕੀਤਾ ਹੈ। ਸਵੇਰ ਵੇਲੇ ਸੰਘਣੀ ਧੁੰਦ ਕਾਰਨ ਵਿਜੀਬਿਲਟੀ ਜ਼ੀਰੋ ਸੀ ਅਤੇ ਕੁਝ ਕਦਮ ਤੋਂ ਅੱਗੇ ਕੁਝ ਵੀ ਦਿਖਾਈ ਨਹੀਂ ਦੇ ਰਿਹਾ ਸੀ। ਵਾਹਨ ਚਾਲਕਾਂ ਨੂੰ ਸਵੇਰ ਵੇਲੇ ਹੀ ਲਾਈਟਾਂ ਜਗਾ ਕੇ ਚੱਲਣਾ ਪਿਆ ਜਿਸ ਕਾਰਨ ਵਾਹਨਾਂ ਦੀ ਰਫ਼ਤਾਰ ਸੁਸਤ ਰਹੀ।




ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

# ਪੰਜਾਬ ਪੁਲਿਸ ਨੇ ਸਰਹੱਦ ਪਾਰੋਂ ਚਲਾਏ ਜਾ ਰਹੇ ਨਸ਼ਾ ਅਤੇ ਹਥਿਆਰ ਤਸਕਰੀ ਗਿਰੋਹ ਦਾ ਕੀਤਾ ਪਰਦਾਫਾਸ਼; ਮੁੱਖ ਸਰਗਨਾਹ ਸਮੇਤ 12 ਵਿਅਕਤੀ ਗ੍ਰਿਫਤਾਰ

ਚੰਡੀਗੜ੍ਹ/ਅੰਮ੍ਰਿਤਸਰ, ਲੋਕ ਬਾਣੀ- ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਇੱਕ ਵੱਡੀ ਸਫਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਰਹੱਦ ਪਾਰੋਂ ਚਲਾਏ ਜਾ ਰਹੇ ਨਸ਼ਾ ਅਤੇ ਹਥਿਆਰ ਤਸਕਰੀ ਗਿਰੋਹ ਦਾ ਪਰਦਾਫਾਸ਼ ਕਰਦਿਆਂ 12 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ, ਜਿਨ੍ਹਾਂ ਵਿੱਚ ਗਿਰੋਹ ਦਾ ਮੁੱਖ ਸਰਗਨਾਹ ਵੀ ਸ਼ਾਮਲ ਹੈ, ਜਿਸ ਦੀ ਪਛਾਣ ਮਨਜੀਤ ਸਿੰਘ ਉਰਫ਼ ਭੋਲਾ ਵਾਸੀ ਪਿੰਡ ਝੰਜੋਟੀ, ਅਜਨਾਲਾ ਵਜੋਂ ਕੀਤੀ ਗਈ ਹੈ। ਇਹ ਜਾਣਕਾਰੀ ਡੀਜਪੀ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਫੜੇ ਗਏ ਹੋਰ 11 ਵਿਅਕਤੀਆਂ ਦੀ ਪਛਾਣ ਅਨਿਕੇਤ ਵਰਮਾ ਵਾਸੀ ਛੇਹਰਟਾ; ਜੋਬਨਪ੍ਰੀਤ ਸਿੰਘ ਉਰਫ ਜੋਬਨ ਵਾਸੀ ਛੇਹਰਟਾ; ਬਬਲੀ ਵਾਸੀ ਨਰਾਇਣਗੜ੍ਹ, ਛੇਹਰਟਾ; ਹਰਪ੍ਰੀਤ ਸਿੰਘ ਉਰਫ ਹੈਪੀ ਵਾਸੀ ਗੁਰੂ ਕੀ ਵਡਾਲੀ; ਅੰਮ੍ਰਿਤਪਾਲ ਸਿੰਘ ਉਰਫ ਅੰਸ਼ ਵਾਸੀ ਨਰਾਇਣਗੜ੍ਹ, ਛੇਹਰਟਾ; ਰੇਸ਼ਮਾ ਵਾਸੀ ਕਰਤਾਰ ਨਗਰ, ਛੇਹਰਟਾ ; ਹਰਸ਼ਪ੍ਰੀਤ ਸਿੰਘ ਉਰਫ਼ ਹਰਮਨ ਉਰਫ਼ ਹੰਮਾ ਵਾਸੀ ਪਿੰਡ ਠੰਡਾ (ਅੰਮ੍ਰਿਤਸਰ); ਅੰਮ੍ਰਿਤਸਰ ਦੇ ਪਿੰਡ ਫਤਿਹਪੁਰ ਦੇ ਮਨਦੀਪ ਸਿੰਘ ਉਰਫ ਕੌਸ਼ਲ ਉਰਫ ਜੋਸ਼ੀ ਵਾਸੀ ਪਿੰਡ ਫਤਿਹਪੁਰ ( ਅੰਮ੍ਰਿਤਸਰ); ਗੁਰਪ੍ਰੀਤ ਸਿੰਘ ਉਰਫ ਗੋਪੀ , ਲਵਪ੍ਰੀਤ ਸਿੰਘ ਉਰਫ ਜਸ਼ਨ ਦੋਵੇਂ ਵਾਸੀ ਪਿੰਡ ਫਤਿਹਪੁਰ ਅਤੇ ਅਕਾਸ਼ਦੀਪ ਸਿੰਘ ਉਰਫ ਅਰਸ਼ ਵਾਸੀ ਛੇਹਰਟਾ ਵਜੋਂ ਹੋਈ ਹੈ।

ਪੁਲਿਸ ਟੀਮਾਂ ਨੇ ਇਨ੍ਹਾਂ ਮੁਲਜ਼ਮਾਂ ਦੇ ਕਬਜ਼ੇ 'ਚੋਂ 2.19 ਕਿਲੋ ਹੈਰੋਇਨ, ਤਿੰਨ ਅਤਿ-ਆਧੁਨਿਕ ਪਿਸਤੌਲ ਜਿਸ ਵਿੱਚ ਦੋ ਆਟੋਮੈਟਿਕ ਪਿਸਤੌਲ ਹਨ ਅਤੇ 2.60 ਲੱਖ



ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ , ਇਸ ਤੋਂ ਇਲਾਵਾ ਮੁਲਜ਼ਮਾਂ ਦੀ ਟੋਇਟਾ ਫਾਰਚੂਨਰ ਕਾਰ ਨੂੰ ਵੀ ਜ਼ਬਤ ਕੀਤਾ ਗਿਆ ਹੈ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਲਜ਼ਮ ਮਨਜੀਤ ਉਰਫ਼ ਭੋਲਾ, ਜੋ ਕਿ ਗਿਰੋਹ ਦਾ ਸਰਗਨਾਹ ਹੈ, ਪਾਕਿਸਤਾਨ ਸਥਿਤ ਤਸਕਰਾਂ/ਹੈਂਡਲਰਾਂ ਨਾਲ ਸਿੱਧੇ ਸੰਪਰਕ ਵਿੱਚ ਸੀ ਅਤੇ ਸਰਹੱਦ ਪਾਰੋਂ ਨਸ਼ਿਆਂ ਅਤੇ ਹਥਿਆਰਾਂ ਦੀ ਖੇਪ ਪ੍ਰਾਪਤ ਕਰ ਰਿਹਾ ਸੀ। ਉਨ੍ਹਾਂ ਦੱਸਿਆ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਡਰੋਨਾਂ ਦੀ ਮਦਦ ਨਾਲ ਰਮਦਾਸ ਅਤੇ ਅਜਨਾਲਾ ਸਰਹੱਦੀ ਸੈਕਟਰਾਂ 'ਤੇ ਖੇਪ ਸੁੱਟੀ ਜਾਂਦੀ ਸੀ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਅਗਲੇਰੇ-ਪਿਛਲੇਰੀ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਜਾਰੀ ਹੈ।


ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ (ਸੀ.ਪੀ.) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਦੋਸ਼ੀ ਅਨਿਕੇਤ ਦੇ ਨਸ਼ਾ ਤਸਕਰੀ ਦੇ ਕਾਰੋਬਾਰ 'ਚ ਸ਼ਾਮਲ ਹੋਣ ਦੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦਿਆਂ ਪੁਲਿਸ ਟੀਮਾਂ ਨੇ ਉਸ ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਅਨਿਕੇਤ ਦੀ ਗ੍ਰਿਫਤਾਰੀ ਨੇ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰ ਦਿੱਤਾ ਅਤੇ ਮੁੱਖ ਸਰਗਨਾਹ ਮਨਜੀਤ ਉਰਫ਼ ਭੋਲਾ ਅਤੇ ਉਸ ਦੇ ਸਾਰੇ ਸਾਥੀਆਂ ਨੂੰ ਵੱਖ-ਵੱਖ ਥਾਵਾਂ ਤੋਂ ਗ੍ਰਿਫਤਾਰ ਕਰਨ ਵਿਚ ਪੁਲਿਸ ਨੂੰ ਸਫ਼ਲਤਾ ਹਾਸਲ ਹੋਈ । ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਸ਼ੀਆ ਵਿੱਚੋਂ ਪੰਜ ਦੋਸ਼ੀਆਂ ਨੂੰ ਜੰਮੂ-ਕਸ਼ਮੀਰ ਪੁਲਿਸ ਦੀ ਮਦਦ ਨਾਲ ਜੰਮੂ-ਕਸ਼ਮੀਰ ਤੋਂ ਗ੍ਰਿਫਤਾਰ ਕੀਤਾ ਗਿਆ ।

# ਪੰਜਾਬ ਚ 6 ਤੋਂ 8 ਜਨਵਰੀ ਤੱਕ ਪੀਆਰਟੀਸੀ ਬੱਸਾਂ ਦਾ ਚੱਕਾ ਜਾਮ




ਚੰਡੀਗੜ੍ਹ-(ਲੋਕ ਬਾਣੀ) ਪਨਬਸ ਪੀਆਰਟੀਸੀ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਰੇਸ਼ਮ ਸਿੰਘ ਨੇ ਮੋਗਾ ਵਿਖੇ ਪ੍ਰੈਸ ਕਾਨਫਰੰਸ ਕੀਤੀ। 6-7-8 ਜਨਵਰੀ ਨੂੰ ਮੁਕੰਮਲ ਤੌਰ ਤੇ ਕਰੀਬ 3 ਹਜ਼ਾਰ ਬੱਸਾਂ ਦਾ ਚੱਕਾ ਜਾਮ ਅਤੇ ਕਰੀਬ 8 ਹਜਾਰ ਮੁਲਾਜ਼ਮ ਹੜਤਾਲ ਤੇ ਰਹਿਣਗੇ। ਜੇ 8 ਜਨਵਰੀ ਤੱਕ ਸਾਡੀਆਂ ਮੰਗਾਂ ਨਾ ਮੰਨੀਆਂ ਤਾਂ ਦਿੱਲੀ ਵਿਖੇ ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਰਿਹਾਇਸ਼ ਬਾਹਰ ਦੇਵਾਂਗੇ ਅਣਮਿਥੇ ਸਮੇਂ ਲਈ ਧਰਨਾ।

# ਮੌਸਮ ਵਿਭਾਗ ਵੱਲੋਂ ਪੰਜਾਬ 'ਚ ਮੀਂਹ ਪੈਣ ਬਾਰੇ ਅਲਰਟ ਜਾਰੀ !



ਚੰਡੀਗੜ੍ਹ-(ਲੋਕ ਬਾਣੀ)ਇੱਕ ਵਾਰ ਫਿਰ ਮੌਸਮ ਵਿਭਾਗ ਨੇ ਪੰਜਾਬ-ਚੰਡੀਗੜ੍ਹ ਵਿੱਚ ਸੀਤ ਲਹਿਰ ਨੂੰ ਲੈ ਕੇ ਅਲਰਟ ਜਾਰੀ ਕੀਤਾ ਹੈ। ਕੁਝ ਦਿਨਾਂ ਤੋਂ ਧੁੱਪ ਨਾ ਨਿਕਲਣ ਕਾਰਨ ਪੂਰੇ ਸੂਬੇ ਦਾ ਦਿਨ ਦਾ ਤਾਪਮਾਨ ਅਜੇ ਵੀ ਆਮ ਨਾਲੋਂ 1.8 ਡਿਗਰੀ ਘੱਟ ਹੈ। ਪਰ ਆਉਣ ਵਾਲੇ ਦੋ ਦਿਨ ਰਾਹਤ ਦੇਣ ਵਾਲੇ ਹਨ। ਪਰ 4 ਜਨਵਰੀ ਤੋਂ ਮੌਸਮ ਇੱਕ ਵਾਰ ਫਿਰ ਬਦਲ ਜਾਵੇਗਾ ਅਤੇ ਸੂਬੇ ਵਿੱਚ ਮੁੜ ਮੀਂਹ ਪੈਣ ਦੀ ਸੰਭਾਵਨਾ ਹੈ।

ਮੌਸਮ ਵਿਭਾਗ ਅਨੁਸਾਰ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਫ਼ਰੀਦਕੋਟ, ਮੁਕਤਸਰ, ਮੋਗਾ, ਬਠਿੰਡਾ, ਬਰਨਾਲਾ ਅਤੇ ਮਾਨਸਾ ਵਿੱਚ ਸੀਤ ਲਹਿਰ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਹੈ। ਬਾਕੀ ਜ਼ਿਲ੍ਹਿਆਂ ਵਿੱਚ ਸਥਿਤੀ ਆਮ ਵਾਂਗ ਰਹੇਗੀ ਅਤੇ ਮੌਸਮ ਵਿਭਾਗ ਨੇ ਕਿਸੇ ਹੋਰ ਜ਼ਿਲ੍ਹੇ ਲਈ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਹੈ।ਇੱਕ ਹੋਰ ਪੱਛਮੀ ਗੜਬੜੀ 4 ਜਨਵਰੀ ਨੂੰ ਸਰਗਰਮ ਹੋ ਰਹੀ ਹੈ।

ਇਸ ਦਾ ਅਸਰ ਪੱਛਮੀ ਹਿਮਾਲਿਆ ਦੀਆਂ ਪਹਾੜੀਆਂ 'ਤੇ ਹੀ ਨਹੀਂ ਸਗੋਂ ਮੈਦਾਨੀ ਇਲਾਕਿਆਂ 'ਚ ਵੀ ਦੇਖਣ ਨੂੰ ਮਿਲੇਗਾ। 4 ਜਨਵਰੀ ਨੂੰ ਅੰਮ੍ਰਿਤਸਰ, ਪਠਾਨਕੋਟ, ਗੁਰਦਾਸਪੁਰ, ਤਰਨਤਾਰਨ ਅਤੇ ਹੁਸ਼ਿਆਰਪੁਰ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ।

ਇਸ ਦੇ ਨਾਲ ਹੀ 5-6 ਜਨਵਰੀ ਨੂੰ ਪੰਜਾਬ ਦੇ ਜ਼ਿਆਦਾਤਰ ਇਲਾਕਿਆਂ 'ਚ ਮੀਂਹ ਪੈਣ ਦੀ ਸੰਭਾਵਨਾ ਹੈ। ਜੇਕਰ ਇਹ ਪੱਛਮੀ ਗੜਬੜੀ ਜ਼ੋਰ ਫੜਦੀ ਹੈ ਤਾਂ ਇਹ ਸਾਲ ਦੀ ਪਹਿਲੀ ਬਾਰਿਸ਼ ਹੋਵੇਗੀ।

ਇਸ ਦੇ ਨਾਲ ਹੀ ਦਸੰਬਰ ਮਹੀਨੇ ਵਿੱਚ ਪੰਜਾਬ ਵਿੱਚ ਆਮ ਨਾਲੋਂ ਵੱਧ ਮੀਂਹ ਪਿਆ ਹੈ। ਆਮ ਤੌਰ 'ਤੇ ਦਸੰਬਰ ਦੇ ਮਹੀਨੇ 10.9 ਮਿਲੀਮੀਟਰ ਬਾਰਿਸ਼ ਹੁੰਦੀ ਹੈ ਪਰ ਇਸ ਸਾਲ ਹੁਣ ਤੱਕ 24.7 ਮਿਲੀਮੀਟਰ ਬਾਰਿਸ਼ ਹੋ ਚੁੱਕੀ ਹੈ।

# ਪੀ.ਪੀ.ਐਸ.ਸੀ ਚੇਅਰਮੈਨ ਜਤਿੰਦਰ ਸਿੰਘ ਔਲਖ ਹੋਏ ਸੇਵਾਮੁਕਤ

ਪਟਿਆਲਾ, ਲੋਕ ਬਾਣੀ- ਪੰਜਾਬ ਪਬਲਿਕ ਸਰਵਿਸ ਕਮਿਸ਼ਨ (ਪੀ.ਪੀ.ਐਸ.ਸੀ.) ਦੇ ਚੇਅਰਮੈਨ ਵਜੋਂ ਸੇਵਾ ਨਿਭਾਅ ਰਹੇ ਜਤਿੰਦਰ ਸਿੰਘ ਔਲਖ 29 ਜਨਵਰੀ, 2024 ਤੋਂ 3 ਜਨਵਰੀ, 2025 ਤੱਕ ਦਾ ਆਪਣਾ ਕਾਰਜਕਾਲ ਪੂਰਾ ਕਰਕੇ ਅੱਜ ਸੇਵਾਮੁਕਤ ਹੋ ਗਏ ਹਨ। ਆਪਣੀ ਦ੍ਰਿੜ ਅਗਵਾਈ ਅਤੇ ਵਿਹਾਰਕ ਪਹੁੰਚ ਲਈ ਜਾਣੇ ਜਾਂਦੇ ਜਤਿੰਦਰ ਸਿੰਘ ਔਲਖ ਨੇ ਆਪਣੇ ਛੋਟੇ ਪਰ ਪ੍ਰਭਾਵਸ਼ਾਲੀ ਕਾਰਜਕਾਲ ਦੌਰਾਨ ਪੰਜਾਬ ਲੋਕ ਸੇਵਾ ਕਮਿਸ਼ਨ ਵਿੱਚ ਵੱਡੇ ਸੁਧਾਰ ਕੀਤੇ ਹਨ।




ਜ਼ਿਕਰਯੋਗ ਹੈ ਕਿ ਜਤਿੰਦਰ ਸਿੰਘ ਔਲਖ 1990 ਵਿੱਚ ਪੰਜਾਬ ਪੁਲਿਸ ਵਿੱਚ ਬਤੌਰ ਡੀਐਸਪੀ ਭਰਤੀ ਹੋਏ ਅਤੇ ਏਡੀਜੀਪੀ ਦੇ ਅਹੁਦੇ ਤੋਂ ਸੂਬੇ ਦੇ ਖ਼ੁਫ਼ੀਆ ਮੁਖੀ ਵਜੋਂ ਸੇਵਾਮੁਕਤ ਹੋਏ। ਆਪਣੇ ਕੈਰੀਅਰ ਦੌਰਾਨ, ਉਨ੍ਹਾਂ ਲੁਧਿਆਣਾ ਅਤੇ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਅਤੇ ਐਸ.ਬੀ.ਐਸ. ਨਗਰ, ਐਸ.ਏ.ਐਸ. ਨਗਰ, ਰੂਪਨਗਰ, ਅਤੇ ਸੰਗਰੂਰ ਵਰਗੇ ਜ਼ਿਲ੍ਹਿਆਂ ਵਿੱਚ ਐਸਐਸਪੀ ਸਮੇਤ ਪ੍ਰਮੁੱਖ ਅਹੁਦਿਆਂ ਤੇ ਡਿਊਟੀ ਨਿਭਾਈ ਤੇ ਪੰਜਾਬ ਭਰ ਵਿੱਚ ਕਾਨੂੰਨ ਵਿਵਸਥਾ ਲਾਗੂ ਕਰਨ ਵਿੱਚ ਵਿਆਪਕ ਤਜਰਬਾ ਹਾਸਲ ਕੀਤਾ।

ਆਪਣੇ ਪੂਰੇ ਕੈਰੀਅਰ ਦੌਰਾਨ, ਜਤਿੰਦਰ ਸਿੰਘ ਔਲਖ ਨੇ ਪੰਜਾਬ ਦੀਆਂ ਤਿੰਨੋਂ ਵੱਡੀਆਂ ਸਿਆਸੀ ਪਾਰਟੀਆਂ- ਇੰਡੀਅਨ ਨੈਸ਼ਨਲ ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਅਤੇ ਆਮ ਆਦਮੀ ਪਾਰਟੀ- ਦਾ ਆਪੋ-ਆਪਣੇ ਕਾਰਜਕਾਲ ਦੌਰਾਨ ਸਰਕਾਰ ਵਿੱਚ ਵਿਸ਼ਵਾਸ ਕਮਾਇਆ ਅਤੇ ਹਰੇਕ ਪ੍ਰਸ਼ਾਸਨ ਵਿੱਚ ਮੁੱਖ ਭੂਮਿਕਾਵਾਂ ਨਿਭਾਈਆਂ।

ਪੀ.ਪੀ.ਐਸ.ਸੀ ਚੇਅਰਮੈਨ ਹੋਣ ਦੇ ਨਾਤੇ, ਜਤਿੰਦਰ ਸਿੰਘ ਔਲਖ ਨੇ ਮਹੱਤਵਪੂਰਨ ਸੁਧਾਰਾਂ ਨੂੰ ਲਾਗੂ ਕੀਤਾ, ਜਿਸ ਵਿੱਚ ਪੰਜਾਬ ਸਿਵਲ ਸੇਵਾ (ਕਾਰਜਕਾਰੀ ਸ਼ਾਖਾ) ਦੀਆਂ ਅਸਾਮੀਆਂ ਦੀ ਭਰਤੀ ਵਾਸਤੇ ਲਈ ਜਾਣ ਵਾਲੀ ਪ੍ਰੀਲਿਮਿਨਰੀ ਪ੍ਰੀਖਿਆ ਵਿੱਚ ਸੀ ਸੈਟ ਦਾ ਪੇਪਰ ਨੂੰ ਕੁਆਲੀਫਾਇੰਗ ਪੇਪਰ ਵਜੋਂ ਲਿਆ ਜਾਣਾ ਅਤੇ ਇਸਨੂੰ ਯੂ.ਪੀ.ਐਸ.ਸੀ ਦੀ ਤਰਜ਼ 'ਤੇ ਕੀਤਾ ਜਾਣਾ ਸ਼ਾਮਲ ਹੈ। ਇਸ ਨਾਲ ਜਨਰਲ ਸਟੱਡੀਜ਼ ਦੇ ਪੇਪਰ-1 ਵਿੱਚ ਪੰਜਾਬ ਦੇ ਇਤਿਹਾਸ, ਭੂਗੋਲ, ਸੱਭਿਆਚਾਰ ਅਤੇ ਅਰਥ ਵਿਵਸਥਾ ਨੂੰ ਵਿਸ਼ੇਸ਼ ਤਵੱਜੋ ਦਿੱਤੀ ਜਾਵੇਗੀ। ਇਸ ਤਬਦੀਲੀ ਨਾਲ ਪੇਂਡੂ ਤੇ ਪੱਛੜੇ ਖੇਤਰਾਂ ਦੇ ਨੌਜਵਾਨ ਵੀ ਹੁਣ ਮੁਕਾਬਲੇ ਦੀ ਪੀ.ਸੀ.ਐਸ. ਦੀ ਇਸ ਉਚ ਪੱਧਰੀ ਪ੍ਰੀਖਿਆ ਵਿੱਚ ਬੈਠਕੇ ਦੂਜੇ ਪ੍ਰੀਖਿਆਰਥੀਆਂ ਦੇ ਮੁਕਾਬਲੇ ਦੇ ਯੋਗ ਹੋਏ ਹਨ। ਇਹ ਸੁਧਾਰ ਪੰਜਾਬ ਦੀ ਵਿਰਾਸਤ ਨਾਲ ਮਜ਼ਬੂਤਸਬੰਧ ਰੱਖਣ ਵਾਲੇ ਉਮੀਦਵਾਰਾਂ ਨੂੰ ਬਿਹਤਰ ਮੌਕੇ ਪ੍ਰਦਾਨ ਕਰਨਗੇ।

ਜਤਿੰਦਰ ਸਿੰਘ ਔਲਖ ਨੇ ਪੀਸੀਐਸ ਨੋਟੀਫਿਕੇਸ਼ਨ, ਆਪਣੇ ਦਫਤਰ ਦੇ ਆਖਰੀ ਦਿਨ ਜਾਰੀ ਕੀਤਾ, ਜਿਸ ਵਿੱਚ 322 ਅਸਾਮੀਆਂ ਸ਼ਾਮਲ ਸਨ, ਜੋ ਕਿ ਭਰਤੀ ਪ੍ਰਕਿਰਿਆ ਨੂੰ ਸਮੇਂ ਸਿਰ ਨੇਪਰੇ ਚਾੜਨ ਲਈ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਦੇ ਕਾਰਜਕਾਲ ਦੌਰਾਨ, ਪੰਜਾਬ ਦੇ ਵੱਖ-ਵੱਖ ਵਿਭਾਗਾਂ ਵਿੱਚ 547 ਵਿਅਕਤੀਆਂ ਦੀ ਸਫਲਤਾਪੂਰਵਕ ਭਰਤੀ ਕੀਤੀ ਗਈ ਹੈ। ਇਸ ਮੌਕੇ ਕਮਿਸ਼ਨ ਦੇ ਸਕੱਤਰ ਚਰਨਜੀਤ ਸਿੰਘ ਅਤੇ ਵਿਯੋਮ ਭਾਰਦਵਾਜ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਮੀਡੀਆ ਕਲੱਬ ਪੰਜਾਬ ਦਾ ਸਲਾਨਾ ਪ੍ਰੋਗਰਾਮ, ਇਕ ਸ਼ਾਮ ਪੱਤਰਕਾਰਾਂ ਦੇ ਨਾਂਮ ਹੋਇਆ ਸੰਪੰਨ












ਜਲੰਧਰ, ਵਿਸ਼ਾਲ ਸ਼ੈਲੀ ) ਪੰਜਾਬ ਭਰ ਦੇ ਪਤਰਕਾਰਾਂ ਦੇ ਭਲੇ ਲਈ ਬਣਾਈ ਗਈ ਸੰਸਥਾ ਮੀਡੀਆ ਕਲੱਬ ਪੰਜਾਬ ਦਾ ਸਲਾਨਾ ਪ੍ਰੋਗਰਾਮ ਇਕ ਸ਼ਾਮ ਪੱਤਰਕਾਰਾਂ ਦੇ ਨਾਂਮ ਪੰਜਾਬ ਦੇ ਇਤਿਹਾਸਿਕ ਸ਼ਹਿਰ ਜਲੰਧਰ ਚ ਹੋਇਆ ਸੰਪੰਨ ਜਿਸ ਵਿਚ ਕਲੱਬ ਦੇ ਸਮੂਹ ਪਤਰਕਾਰਾਂ ਵਲੋਂ ਤਿੰਨ ਸੀਨੀਅਰ ਪੱਤਰਕਾਰ ਅਰਜੁਨ ਸ਼ਰਮਾ, ਸ਼ਿਵ ਦੇਵ ਤੇ ਮੇਹਰ ਮਲਿਕ ਜੀ ਨੂੰ ਲਾਈਵ ਟਾਈਮ ਅਚੀਵਮੈਂਟ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਇਹ ਪ੍ਰੋਗਰਾਮ ਜਲੰਧਰ ਦੇ ਸਥਾਨਕ ਹੋਟਲ ਵਿੱਚ ਰਖਿਆ ਗਿਆ ਸੀ ਜਿਸ ਵਿਚ ਸ਼ਹਿਰ ਦੇ ਉੱਘੇ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸੰਗਠਨਾਂ ਦੇ ਲੋਕ ਮੌਜੂਦ ਰਹੇ।ਇਸ ਪ੍ਰੋਗਰਾਮ ਦੋਰਾਨ ਸੰਸਥਾ ਦੇ ਚੇਅਰਮੈਨ ਅਮਨ ਮਹਿਰਾ ਨੇ ਕਿਹਾ ਕਿ ਪੱਤਰਕਾਰਾ ਦੇ ਲਈ ਮੀਡੀਆ ਕਲੱਬ ਲਗਾਤਾਰ ਯਤਨਸ਼ੀਲ ਹੈ। ਪੱਤਰਕਾਰਾਂ ਦੇ ਮੁੱਦੇ ਸਰਕਾਰ ਤੱਕ ਪਹੁੰਚਾਉਣ ਦੇ ਨਾਲ ਨਾਲ ਪੱਤਰਕਾਰਾਂ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਲਈ ਕੰਮ ਕੀਤਾ ਜਾ ਰਿਹਾ ਹੈ ਤੇ ਇਨ੍ਹਾਂ ਆਏ ਹੋਏ ਵਿਸ਼ੇਸ਼ ਮਹਿਮਾਨਾਂ ਤੋਂ ਬਿਤੇ ਹੋਏ ਸਮੇਂ ਦੋਰਾਨ ਵਾਪਰੇ ਤਜਰਬੇ ਤੇ ਘਟਨਾਵਾਂ ਸੁਣ ਕੇ ਨਵੇਂ











ਪਤਰਕਾਰ ਹੱਕੇ ਬੱਕੇ ਰਹੀ ਗਏ ਤੇ ਪ੍ਰੋਗਰਾਮ ਦੋਰਾਨ ਤਿੰਨਾਂ ਅਵਾਰਡ ਧਾਰਕਾਂ ਤੋਂ ਕੇਕ ਕਟਵਾਇਆ ਗਿਆ ਤੇ ਇੰਨਾ ਦੀ ਲੰਮੀ ਉਮਰ ਲਈ ਅਰਦਾਸ ਕੀਤੀ ਗਈ ਪ੍ਰੋਗਰਾਮ ਵਿਚ ਪਹੁੰਚੇ ਕਲਾਕਾਰ ਦੂਆਰਾ ਗ਼ਜ਼ਲਾਂ ਤੇ ਕਵਾਲੀਆਂ ਨਾਲ ਰੰਗ ਬੰਨ੍ਹ ਦਿੱਤਾ ਤੇ ਵਿਸ਼ੇਸ਼ ਤੌਰ ਤੇ ਪਹੁੰਚੇ, ਏਸੀਪੀ ਅਮਰਨਾਥ ,ਸੀਮਰਜੀਤ ਸਿੰਘ, ਮੇਜਰ ਸਿੰਘ, ਰਾਜੀਵ ਦੂਗਲ,ਜੀ ਨੂੰ ਵੀ ਸਨਮਾਨਿਤ ਕੀਤਾ ਗਿਆ ਮੀਡੀਆ ਕਲੱਬ ਦੇ ਚੇਅਰਮੈਨ ਅਮਨ ਮਹਿਰਾ, ਪ੍ਰਧਾਨ ਸੁਨੀਲ ਦੱਤ, ਸੀਨੀਅਰ ਵਾਈਸ ਪ੍ਰਧਾਨ ਬਿੱਟੂ ਉਬਰਾਏ, ਮਹਾਵੀਰ ਸੇਠ, ਵਿਨੇਪਾਲ ਜੈਦ, ਸਤਪਾਲ, ਕੁਸ਼ਵਾਹਾ, ਜਤਿੰਦਰ ਸ਼ਰਮਾ, ਸੰਜੀਵ ਸ਼ੈਲੀ, ਟਿੰਕੂ ਪੰਡਿਤ,ਰਾਜ ਸ਼ਰਮਾ,ਨਿਤੀਨ ਕੋੜਾ, ਜਤਿੰਦਰ ਰਾਵਤ, ਅਮਨਦੀਪ ਮਿਤਲ, ਦਲਬੀਰ ਸਿੰਘ,ਅਨੀਲ ਵਰਮਾ, ਕਪਿਲ ਗਰੋਵਰ, ਵਰਿੰਦਰ ਸਿੰਘ, ਲਾਡੀ ਥਾਪਰ, ਮਹਿੰਦਰ ਭਗਤ,ਪਵਨ ਸ਼ਰਮਾ, ਅਰੁਣ ਕੁਮਾਰ,ਵਰਿੰਦਰ ਕੁਮਾਰ, ਰਾਜ ਸ਼ਰਮਾ, ਰਿੰਕੂ ਸੈਣੀ,ਗੋਰੀ ਕੁਮਾਰ, ਰੋਹਿਤ ਅਰੋੜਾ,ਅਮਰ ਰਾਣਾ, ਡੀਸੀ ਪਾਲ ਕੋਲ,ਪਰਮਾਰ ਜੀ, ਪੰਕਜ ਕੁਮਾਰ,ਅਮਰ ਕੁਮਾਰ, ਕੁਸ਼ ਸ਼ਰਮਾ,ਰਵੀ ਕੁਮਾਰ, ਗੁਰਨੇਕ ਸਿੰਘ ਵਿਰਦੀ ਅਤੇ ਵੱਡੀ ਗਿਣਤੀ ਵਿੱਚ ਜਲੰਧਰ ਦੇ ਪੱਤਰਕਾਰ ਮੌਜੂਦ ਸਨ

# ਠੰਡ ਦੌਰਾਨ ਛੋਟੇ ਬੱਚੇ, ਬਜੁਰਗਾਂ ਦਾ ਖਾਸ ਧਿਆਨ ਰੱਖਣ ਦੀ ਲੋੜ : ਡਾ ਦਰਸ਼ਨ ਬੱਧਨ



ਫਗਵਾੜਾ (ਸੁਸ਼ੀਲ ਸ਼ਰਮਾ ) ਠੰਡ ਦੇ ਮੌਸਮ ਦੌਰਾਨ ਬਿਮਾਰ ਹੋਣ ਤੋਂ ਬਚਣ ਲਈ ਸ਼ਹਿਰ ਵਾਸੀਆਂ ਲਈ ਸੁਝਾਅ ਦਿੱਤੇ ਗਏ ਹਨ ਇਸ ਸਬੰਧ ਵਿਚ ਜਾਣਕਾਰੀ ਦਿੰਦਿਆਂ ਸਿਵਲ ਹਸਪਤਾਲ ਫਗਵਾੜਾ ਵਿਖੇ ਤੈਨਾਤ ਡਾ ਦਰਸ਼ਨ ਬੱਧਨ ਮੈਡੀਕਲ ਸਪੈਸ਼ਲਿਸਟ ਨੇ ਦੱਸਿਆ ਕਿ ਠੰਢ ਨਾਲ ਸਿਹਤ ਸਬੰਧੀ ਕਈ ਤਰ੍ਹਾ ਦੀਆਂ ਸਮੱਸਿਆਵਾਂ ਪੈਦਾ ਹੋ ਜਾਂਦੀਆਂ ਹਨ ਜਿਵੇਂ ਕਿ ਖੰਘ, ਜੁਕਾਮ, ਨਿਮੂਨਿਆ, ਸਰੀਰ ਵਿਚ ਖੂਨ ਦਾ ਪ੍ਰਵਾਹ ਘੱਟ ਜਾਣਾ ਆਦਿ ਉਹਨਾਂ ਦੱਸਿਆ ਕਿ ਠੰਡ ਦੌਰਾਨ ਪੂਰੀ ਤਰ੍ਹਾ ਸਰੀਰ ਢੱਕਦੇ ਗਰਮ ਕੱਪੜੇ ਜਿਵੇਂ ਦਸਤਾਨੇ, ਟੋਪੀ, ਮਫ਼ਲਰ, ਜੁਰਾਬਾਂ ਅਤੇ ਬੂਟ ਪਾਏ ਜਾਣ ਇਸ ਤੋਂ ਇਲਾਵਾ ਸਰੀਰ ਵਿੱਚ ਬਿਮਾਰੀਆਂ ਨਾਲ ਲੜਨ ਦੀ ਤਾਕਤ ਨੂੰ ਵਧਾਉਣ ਲਈ ਪੌਸ਼ਟਿਕ ਆਹਾਰ ਜਿਵੇਂ ਵਿਟਾਮਿਨ-ਸੀ ਭਰਪੂਰ ਭੋਜਨ ਅਤੇ ਸਬਜੀਆਂ ਆਦਿ ਦੀ ਵਰਤੋਂ ਜਿਆਦਾ ਕੀਤੀ ਜਾਵੇ। ਖਾਣ ਪੀਣ ਲਈ ਗਰਮ ਵਸਤੂਆਂ ਦਾ ਇਸਤਮਾਲ ਕੀਤਾ ਜਾਵੇ ਅਤੇ ਸ਼ਰਾਬ ਪੀਣ ਤੋਂ ਪ੍ਰਹੇਜ ਕੀਤਾ ਜਾਵੇ ਕਿਉਂਕਿ ਸ਼ਰਾਬ ਨਾਲ ਖੂਨ ਦਾ ਸੰਚਾਰ ਘਟਣ ਨਾਲ ਸਰੀਰ ਦਾ ਤਾਪਮਾਨ ਘਟ ਜਾਂਦਾ ਹੈ ਉਨ੍ਹਾਂ ਕਿਹਾ ਕਿ ਠੰਡ ਦੌਰਾਨ ਕਰੋਨਿਕ ਬਿਮਾਰੀਆਂ ਜਿਵੇਂ ਕਿ ਸ਼ੂਗਰ, ਹਾਈ ਬਲੱਡ ਪ੍ਰੈਸ਼ਰ ਅਤੇ ਸਾਹ ਦੀ ਤਕਲੀਫ਼ ਦੇ ਮਰੀਜ਼, ਦਿਲ ਦੀਆਂ ਬਿਮਾਰੀਆਂ ਦੇ ਮਰੀਜ਼, ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ, ਗਰਭਵਤੀ ਮਾਵਾਂ ਅਤੇ ਬਜੁਰਗਾਂ ਦਾ ਖਾਸ ਧਿਆਨ ਰੱਖਿਆ ਜਾਵੇ ਕਿਉਕਿ ਉਹਨਾਂ ਨੂੰ ਅਜਿਹੇ ਵਿੱਚ ਵਧੇਰੇ ਸਾਵਧਾਨੀਆਂ ਵਰਤਣ ਦੀ ਜਰੂਰਤ ਹੁੰਦੀ ਹੈ। ਉਨ੍ਹਾ ਕਿਹਾ ਜੇਕਰ ਸਰੀਰ ਦਾ ਤਾਪਮਾਨ ਘੱਟ ਜਾਵੇ ਅਤੇ ਨਾ ਰੁਕਣ ਵਾਲੀ ਕੰਬਣੀ, ਯਾਦਾਸ਼ਤ ਚਲੇ ਜਾਣਾ, ਬੇਹੋਸ਼ੀ, ਹੱਥਾਂ ਦੀਆਂ ਉਂਗਲਾਂ ਦਾ ਨੀਲਾ ਪੈਣਾ, ਜੁਬਾਨ ਦਾ ਲੜਖੜਾਉਣਾ ਜਾਂ ਫਲੂ, ਸਰਦੀ, ਖੰਘ, ਜੁਕਾਮ ਆਦਿ ਲੱਛਣ ਦਿਸਣ ਤਾਂ ਤੁਰੰਤ ਨੇੜੇ ਦੇ ਸਰਕਾਰੀ ਸਿਹਤ ਕੇਂਦਰ ਤੋਂ ਇਲਾਜ ਕਰਵਾਉਣਾ ਚਾਹੀਦਾ ਹੈ

ਰੋਜ਼ਾਨਾ ਲੋਕ ਬਾਣੀ
www.lokbani

# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਨਵੇਂ ਸਾਲ ਤੇ ਡਸਟਬਿਨ ਵੰਡ ਕੇ ਦਿੱਤਾ ਸਵੱਛਤਾ 'ਚ ਸਹਿਯੋਗ ਦਾ ਸੁਨੇਹਾ



ਫਗਵਾੜਾ ( ਸੁਸ਼ੀਲ ਸ਼ਰਮਾ ) ਪ੍ਰੇਮ ਨਗਰ ਸੇਵਾ ਸੁਸਾਇਟੀ ਵਲੋਂ ਨਵੇਂ ਸਾਲ ਮੌਕੇ ਸਵੱਛਤਾ ਦਾ ਸੁਨੇਹਾ ਦੇਣ ਦੇ ਮਨੋਰਥ ਨਾਲ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੇ ਯਤਨਾ ਸਦਕਾ ਸਵੱਛ ਭਾਰਤ ਮਿਸ਼ਨ ਤਹਿਤ ਇਕ ਸਮਾਗਮ ਸੀਨੀਅਰ ਸਿਟੀਜਨ ਕੇਅਰ ਸੇਂਟਰ ਖੇੜਾ ਰੋਡ ਫਗਵਾੜਾ ਵਿਖੇ ਸਵੱਛਤਾ ਹੀ ਸੇਵਾ ਸਿਰਨਾਵੇਂ ਹੇਠ ਸਮਾਗਮ ਕੀਤਾ ਗਿਆ। ਜਿਸ ਵਿਚ ਸਵੱਛ ਭਾਰਤ ਮਿਸ਼ਨ ਦੇ ਐਕਸਪਰਟ ਪੂਜਾ ਸ਼ਰਮਾ, ਸੈਨੇਟਰੀ ਇੰਸਪੈਕਟਰ ਨਾਮਦੇਵ ਅਤੇ ਹਿਤੇਸ਼ ਸ਼ਰਮਾ ਵਿਸ਼ੇਸ਼ ਤੌਰ ਤੇ ਹਾਜਰ ਆਏ। ਉਹਨਾਂ ਇਲਾਕੇ ਦੇ ਸਮੂਹ ਵਸਨੀਕਾਂ ਨੂੰ ਗਿੱਲਾ ਕੂੜਾ ਤੇ ਸੁੱਕਾ ਕੂੜਾ ਵੱਖ-ਵੱਖ ਡਸਟਬਿਨ ਵਿਚ ਇਕੱਠਾ ਕਰਨ ਦਾ ਸੁਨੇਹਾ ਦਿੱਤਾ। ਸੁਸਾਇਟੀ ਪ੍ਰਧਾਨ ਅਤੇ ਮੈਂਬਰਾਂ ਨੇ ਗਿੱਲੇ ਕੂੜੇ ਤੋਂ ਘਰ ਵਿਚ ਖਾਦ ਬਨਾਉਣ ਦੀ ਵਿਧੀ ਅਪਨਾਉਣ ਦਾ ਭਰੋਸਾ ਦਿੱਤਾ। ਸਮਾਗਮ ਤੋਂ ਬਾਅਦ ਪ੍ਰੇਮ ਨਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਅਤੇ ਵਾਰਡ ਕੌਂਸਲਰ ਪਰਵਿੰਦਰ ਕੌਰ ਰਘਬੋਤਰਾ ਵਲੋਂ ਖੇੜਾ ਰੋਡ ਦੀਆਂ ਸਮੂਹ ਦੁਕਾਨਾਂ ਤੇ ਡਸਟਬਿਨਾਂ ਦੀ ਵੰਡ ਕਰਦਿਆਂ ਸਵੱਛਤਾ ਵਿਚ ਸਹਿਯੋਗ ਦੀ ਅਪੀਲ ਕੀਤੀ ਗਈ। ਇਸ ਮੌਕੇ ਪ੍ਰੇਮ ਨਗਰ ਸੇਵਾ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ, ਰਮਨ ਨਹਿਰਾ, ਕ੍ਰਿਸ਼ਨ ਕੁਮਾਰ, ਮੁਨੀਸ਼ ਕਨੌਜੀਆ, ਰਾਜਕੁਮਾਰ ਕਨੌਜੀਆ, ਸੁਧਾ ਬੇਦੀ, ਮੋਹਨ ਲਾਲ ਤਨੇਜਾ ਆਦਿ ਹਾਜਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਪੰਜਾਬ ਸਟੇਟ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ ਦੀ ਮੀਟਿੰਗ ਦੌਰਾਨ ਹੋਏ ਅਹਿਮ ਫ਼ੈਸਲੇ



ਸ੍ਰੀ ਅੰਮ੍ਰਿਤਸਰ ਸਾਹਿਬ,(ਲੋਕ ਬਾਣੀ): ਪੰਜਾਬ ਸਟੇਟ ਫੋਰਮ ਆਫ ਰਿਟਾਇਰਡ ਡਿਪਲੋਮਾ ਇੰਜੀਨੀਅਰਜ਼ ਦੀ ਕਾਰਜਕਾਰਨੀ ਕਮੇਟੀ ਦੀ ਇਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਇੰਜੀ ਸੁਖਵਿੰਦਰ ਸਿੰਘ ਬਾਂਗੋਵਾਣੀ ਦੀ ਪ੍ਰਧਾਨਗੀ ਹੇਠ ਸਰਕਟ ਹਾਊਸ ਲੁਧਿਆਣਾ ਵਿਖੇ ਹੋਈ। ਮੀਟਿੰਗ ਵਿੱਚ ਸੂਬਾ ਪੰਜਾਬ ਦੇ ਵੱਖ ਵੱਖ ਮਹਿਕਮਿਆਂ ਦੇ ਕਾਰਜਕਾਰੀ ਮੈਂਬਰਜ਼ ਵਲੋਂ ਸ਼ਿਰਕਤ ਕੀਤੀ ਗਈ। ਮੀਟਿੰਗ ਵਿਚ ਕਈ ਅਹਿਮ ਫੈਸਲੇ ਲਏ ਗਏ ਜਿਸ ਵਿਚ ਪੈਨਸ਼ਨਰਜ ਮਹਾਂਸੰਘ ਪੰਜਾਬ ਨਾਲ ਇਜੀਨੀਅਰਜ਼ ਦੇ ਸਾਂਝੇ ਮਸਲਿਆਂ ਤੇ ਮਹਾਸੰਘ ਨਾਲ ਰਲ ਕੇ ਕੰਮ ਕਰਨਾ, ਹਰ ਸਾਲ ਵਿਚ ਦੋ ਵਾਰ ਜਨਰਲ ਹਾਊਸ ਦੀ ਕਨਵੈਨਸ਼ਨ/ ਮੀਟਿੰਗ ਕਰਨਾ, ਮਿਤੀ 17.10.2024 ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਜਨਰਲ ਹਾਊਸ ਦੀ ਪ੍ਰਵਾਨਗੀ ਨਾਲ ਚੁਣੇ ਗਏ ਪੰਜ ਮੁੱਖ ਅਹੁਦੇਦਾਰਾਂ ਵਿੱਚੋਂ ਚਾਰ ਅਹੁਦੇਦਾਰਾਂ ਵੱਲੋਂ ਮਨਮਰਜ਼ੀਆਂ ਕਰਨ, ਸਟੇਟ ਵਰਕਿੰਗ ਕਮੇਟੀ ਦੀਆਂ ਮੀਟਿੰਗਾਂ ਵਿਚ ਹਾਜ਼ਰ ਨਾ ਹੋਣ,ਪ੍ਰਧਾਨ ਨੂੰ ਪ੍ਰਧਾਨ ਨਾ ਮੰਨਣ ਕਾਰਨ ਇਹਨਾ ਚਾਰਾਂ ਨੂੰ ਬਰਖਾਸਤ ਕਰਨ, 75 ਸਾਲ ਜਾਂ ਇਸ ਤੋਂ ਵੱਧ ਉਮਰ ਪਾਰ ਕਰ ਚੁੱਕੇ ਜਥੇਬੰਦੀ ਦੇ ਰਿਟਾਇਰਡ ਇਜੀਨੀਅਰਜ਼ ਪੈਨਸ਼ਨਰਜ਼ ਦਾ ਮੀਟਿੰਗਾਂ ਵਿਚ ਸੰਨਮਾਨ ਕਰਨਾਂ,ਜੋਨਜ਼/ ਜਿਲਿਆਂ ਦੀ ਜਥੇਬੰਦਕ ਚੋਣ ਕਰਕੇ ਜੋਨਲ ਕਮੇਟੀਆਂ ਦੀ ਸਥਾਪਨਾ ਕਰਨਾ ਆਦਿ ਫ਼ੈਸਲੇ ਲਏ ਗਏ। ਇਸ ਤੋਂ ਇਲਾਵਾ ਸੇਵਾਮੁਕਤ ਇੰਜੀਨੀਅਰਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਉਪਰ ਵੀ ਵਿਚਾਰ ਚਰਚਾ ਕੀਤੀ ਗਈ ਜਿਸ ਵਿਚ ਪੈਨਸ਼ਨਰਾਂ ਨੂੰ 2.59 ਗੁਣਾਕ ਦਾ ਫਾਰਮੂਲਾ ਲਵਾਉਣਾ, ਮੈਡੀਕਲ ਭੱਤਾ 2000/- ਮਹੀਨਾ ਕਰਵਾਉਣਾ, 01.01.2016 ਤੋਂ 30.06.2021 ਤਕ ਦਾ ਬਕਾਇਆ, ਪੈਨਸ਼ਨਰਜ਼ ਤੋਂ ਵਸੂਲਿਆ ਜਾ ਰਿਹਾ 200/- ਮਹੀਨਾ ਪ੍ਰੋਫੈਸ਼ਨਲ ਟੈਕਸ ਕਟਵਾਉਣਾ ਆਦਿ ਮੁੱਖ ਮੰਗਾਂ ਹਨ। ਮੀਟਿੰਗ ਵਿਚ ਸੂਬਾ ਪ੍ਰਧਾਨ ਬਾਂਗੋਵਾਣੀ ਤੋਂ ਇਲਾਵਾ ਜਨਰਲ ਸਕੱਤਰ ਰਣਜੀਤ ਸਿੰਘ ਧਾਲੀਵਾਲ, ਵਿੱਤ ਸਕੱਤਰ ਰਾਕੇਸ਼ ਕੁਮਾਰ, ਸੀਨੀਅਰ ਵਾਈਸ ਪ੍ਰਧਾਨ ਗੁਲਜਾਰ ਸਿੰਘ, ਮੁੱਖ ਸਲਾਹਕਾਰ ਮਨਮੋਹਨ ਸਿੰਘ, ਵਾਈਸ ਪ੍ਰਧਾਨ ਹਰਜੀਤਪਾਲ ਸਿੰਘ ਅਤੇ ਹੋਰ ਕਾਰਜਕਾਰਨੀ ਕਮੇਟੀ ਮੈਂਬਰਜ਼ ਦਿਲਬਾਗ ਸਿੰਘ ਧੂੰਨਾ, ਲਖਬੀਰ ਸਿੰਘ ਬੱਬੇਹਾਲੀ, ਰਿਟਾਇਰਡ ਕਾਰਜਕਾਰੀ ਇਜੀਨੀਅਰਜ਼ ਹਰਵਿੰਦਰ ਸਿੰਘ, ਮੁੱਖ ਲੀਗਲ ਸਲਾਹਕਾਰ ਕਿਸ਼ੋਰੀ ਲਾਲ, ਲੀਗਲ ਸਲਾਹਕਾਰ ਇੰਜੀ ਅਨੂਪ ਸਿੰਘ ਮਾਂਗਟ, ਪੰਚਾਇਤੀ ਰਾਜ ਤੋਂ ਰਿਟਾਇਰਡ ਇੰਜੀਨੀਅਰ ਜਸਵਿੰਦਰ ਸਿੰਘ ਅਤੇ ਕੇਵਲ ਕ੍ਰਿਸ਼ਨ,ਪਰਦੀਪ ਸ਼ਰਮਾ, ਨਿਰਮਲ ਸਿੰਘ,ਹੇਮ ਰਾਜ ਸਰੰਗਲ, ਇੰਜੀ ਸੁਖਰਾਜ ਸਿੰਘ ,ਹਰੀਸ਼ ਚੰਦਰ, ਬਲਜਿੰਦਰ ਸਿੰਘ ਬਰਾੜ , ਇੰਜੀ: ਹਰਵਿੰਦਰ ਸਿੰਘ ਅਤੇ ਹੋਰ ਆਗੂ ਸ਼ਾਮਿਲ ਹੋਏ।

ਰੋਜ਼ਾਨਾ ਲੋਕ ਬਾਣੀ
www.lokbani

# ਪਿੰਡ ਉੱਚਾ ਵਿਖੇ 25ਵਾਂ ਸਲਾਨਾ ਬਰਸੀ ਸਮਾਗਮ 11 ਜਨਵਰੀ ਨੂੰ - ਬਾਬਾ ਸੁਖਵੀਰ ਸਿੰਘ



ਫਗਵਾੜਾ ( ਸੁਸ਼ੀਲ ਸ਼ਰਮਾ ) ਗੁਰਦੁਆਰਾ ਕੁਟੀਆ ਸਾਹਿਬ ਆਸ਼ਰਮ, ਉੱਚਾ ਪਿੰਡ ਤਹਿਸੀਲ ਫਗਵਾੜਾ ਜਿਲ੍ਹਾ ਕਪੂਰਥਲਾ ਵਿਖੇ ਬ੍ਰਹਮਲੀਨ ਸ੍ਰੋਮਣੀ ਵਿਰੱਕਤ ਸ੍ਰੀਮਾਨ 108 ਸੰਤ ਦਲੇਲ ਸਿੰਘ ਜੀ ਮਹਾਰਾਜ ਅਤੇ ਬ੍ਰਹਮਲੀਨ ਸ੍ਰੀਮਾਨ ਸੰਤ ਮਲੂਕ ਸਿੰਘ ਮੋਨੀ ਜੀ ਮਹਾਰਾਜ ਦੀ ਪਵਿੱਤਰ ਯਾਦ ਵਿੱਚ 25ਵਾਂ ਸਲਾਨਾ ਬਰਸੀ ਸਮਾਗਮ ਸਮੂਹ ਗ੍ਰਾਮ ਪੰਚਾਇਤ ਅਤੇ ਇਲਾਕੇ ਭਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ 11 ਜਨਵਰੀ ਦਿਨ ਸ਼ਨੀਵਾਰ ਨੂੰ ਬੜੀ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਸੁਖਵੀਰ ਸਿੰਘ ਨੇ ਦੱਸਿਆ ਕਿ 9 ਜਨਵਰੀ ਦਿਨ ਵੀਰਵਾਰ ਨੂੰ ਸਵੇਰੇ 10 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ। ਸ਼ਨੀਵਾਰ ਨੂੰ ਸਵੇਰੇ 10 ਵਜੇ ਪਾਠ ਦੇ ਭੋਗ ਉਪਰੰਤ ਮਹਾਂਪੁਰਸ਼, ਰਾਗੀ, ਢਾਡੀ ਅਤੇ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਦੇ ਲੜ ਲਗਾਉਣਗੇ । ਗੁਰੂ ਕਿਰਪਾ ਨਾਲ ਤਿੰਨੇ ਦਿਨ ਲੰਗਰ ਦੀ ਸੇਵਾ ਅਤੁੱਟ ਵਰਤਾਈ ਜਾਵੇਗੀ। ਉਹਨਾਂ ਸਮੂਹ ਸੰਗਤਾਂ ਨੂੰ ਇਸ ਸਲਾਨਾ ਬਰਸੀ ਸਮਾਗਮ ਵਿਚ ਪੁੱਜ ਕੇ ਮਹਾਪੁਰਸ਼ਾਂ ਦਾ ਅਸ਼ੀਰਵਾਦ ਲੈਣ ਦੀ ਪੁਰਜੋਰ ਅਪੀਲ ਕੀਤੀ ਹੈ।

ਰੋਜ਼ਾਨਾ ਲੋਕ ਬਾਣੀ
www.lokbani

# ਧੰਨ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕੱਢੇਂ ਗਏ ਨਗਰ ਕੀਰਤਨ



ਗਿੱਦੜਬਾਹਾ/(ਲੋਕ ਬਾਣੀ): ਅੱਜ ਗਿੱਦੜਬਾਹਾ ਮੰਡੀ ਦੇ ਸ਼੍ਰੀ ਗੁਰੂ ਅਮਰਦਾਸ ਜੀ ਗੁਰਦੁਆਰਾ ਸਾਹਿਬ ਕਮੇਟੀ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ ਇਹੇ ਨਗਰ ਕੀਰਤਨ ਸ੍ਰੀ ਗੁਰੂ ਅਮਰਦਾਸ ਗੁਰਦੁਆਰਾ ਸਾਹਿਬ ਤੋਂ ਚੱਲ ਕੇ ਸ਼ਹਿਰ ਦੇ ਵੱਖ ਵੱਖ ਬਾਜ਼ਾਰਾਂ ਵਿੱਚੋਂ ਹੁੰਦਿਆਂ ਹੋਇਆਂ ਸ਼ਹਿਰ ਦੀਆਂ ਸੰਗਤਾਂ ਵੱਲੋਂ ਥਾ ਥਾ ਤੇ ਚਾਹ, ਅਤੇ ਬਿਸਕੁਟਾਂ,ਮੱਠੀਆਂ, ਸਮੋਸੇ ਚਾਹ ਦੇ ਲੰਗਰ ਮਾਤਾ ਸੰਤੋਸੀ ਹਸਪਤਾਲ ਦੇ ਡਾਕਟਰਾਂ ਵੱਲੋਂ ਲਗਾਇਆ ਗਿਆ ਅਤੇ ਨਗਰ ਕੀਰਤਨ ਦੇ ਨਾਲ ਚੱਲ ਰਹੀ ਸੰਗਤ ਨੂੰ ਵਰਤਾਇਆ ਗਿਆ ਇਸ ਤੋਂ ਇਲਾਵਾ ਸ਼ਹਿਰ ਦੇ ਹੋਰ ਲੋਕਾਂ ਵੱਲੋਂ ਵੀ ਚਾਹ ਮੱਠੀਆਂ ਦੇ ਲੰਗਰ ਲਗਾਇਆ ਗਿਆ ਇਸ ਮੌਕੇ ਤੇ ਗਿੱਦੜਬਾਹਾ ਦੇ ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਨਗਰ ਕੀਰਤਨ ਵਿੱਚ ਸ਼ਾਮਿਲ ਹੋ ਕੇ ਗੁਰੂ ਗ੍ਰੰਥ ਸਾਹਿਬ ਅੱਗੇ ਨਮਸਤਕ ਹੋਏ ਅਤੇ ਰਾਜਾ ਵੜਿੰਗ ਸਾਹਿਬ ਨੂੰ ਸ੍ਰੀ ਗੁਰੂ ਅਮਰਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਗੂਆਂ ਵੱਲੋਂ ਚਿਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਉਨ੍ਹਾਂ ਦੇ ਨਾਲ ਕਾਂਗਰਸ ਪਾਰਟੀ ਦੇ ਆਗੂ ਦੀਪਕ ਗਰਗ, ਬਿੱਟੂ ਗਾਂਧੀ ਐਮ ਸੀ ਨਗਰ ਕੌਂਸਲ ਗਿੱਦੜਬਾਹਾ, ਅਤੇ ਨਗਰ ਕੌਂਸਲ ਦੇ ਪ੍ਰਧਾਨ ਨਰਿੰਦਰ ਮੁਜਾਲ ਬਿੰਨਟਾਂ ਅਰੋੜਾ, ਬਿੱਟੂ ਸਚਦੇਵਾ ਡੇਅਰੀ ਵਾਲਾ ਐਮ ਸੀ , ਅਤੇ ਹੋਰ ਕਾਂਗਰਸੀ ਆਗੂ ਵੀ ਅਤੇ ਸਿੱਖ ਸੰਗਤਾਂ ਵੀ ਅਤੇ ਗਗਨ ਮੱਕੜ,ਹੈਪੀ ਮੱਕੜ, ਅਤੇ ਸ੍ਰੀ ਗੁਰੂ ਅਮਰਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਭਾਰੀ ਮਾਤਰਾ ਵਿੱਚ ਬੀਬੀਆਂ ਵੀ ਹਾਜ਼ਰ ਸਨ।

# ਨਗਰ ਨਿਗਮ ਪੈਂਸ਼ਨਰਸ ਯੂਨੀਅਨ ਵੱਲੋਂ ਨਵੇਂ ਸਾਲ ਦਾ ਕੈਲੰਡਰ ਰਿਲੀਜ਼- ਕਰਮਜੀਤ ਸਿੰਘ ਕੇ ਪੀ

ਫ਼ਗਵਾੜਾ (ਸੁਸ਼ੀਲ ਸ਼ਰਮਾ) ਨਗਰ ਨਿਗਮ ਪੈਂਸ਼ਨਰਜ ਯੂਨੀਅਨ ਅੰਮ੍ਰਿਤਸਰ ਵੱਲੋਂ ਰਣਜੀਤ ਐਵੀਨਿਊ ਵਿਖੇ 2025 ਦਾ ਧਾਰਮਿਕ ਕੈਲੰਡਰ ਰਿਲੀਜ ਕੀਤਾ ਗਿਆ। ਕੈਲੰਡਰ ਪ੍ਰਧਾਨ ਕਰਮਜੀਤ ਸਿੰਘ ਕੇ ਪੀ ਦੀ ਪ੍ਰਧਾਨਗੀ ਹੇਠ ਰਿਲੀਜ ਕੀਤਾ ਗਿਆ। ਕੈਲੰਡਰ ਸੁਰਿੰਦਰ ਸਿੰਘ ਜਾਇੰਟ ਕਮਿਸ਼ਨਰ ਨਗਰ ਨਿਗਮ ਅੰਮ੍ਰਿਤਸਰ ਨੇ ਰਿਲੀਜ ਕਰਦਿਆਂ ਯੂਨੀਅਨ ਮੈਂਬਰਾਂ ਨੂੰ ਵਧਾਈ ਦਿੰਦਿਆ ਕਿਹਾ ਪੈਨਸ਼ਨਰ ਨਗਰ ਨਿਗਮ ਦਾ ਪ੍ਰੀਵਾਰ ਹਨ। ਇਨ੍ਹਾਂ ਨੂੰ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਪ੍ਰਧਾਨ ਕਰਮਜੀਤ ਸਿੰਘ ਕੇ ਪੀ ਨੇ ਕਿਹਾ ਭਗਵੰਤ ਮਾਨ ਸਰਕਾਰ ਦਾ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਨਾਲ ਵਤੀਰਾ ਠੀਕ ਨਹੀਂ। ਆਉਣ ਵਾਲੇ ਸਮੇਂ ਵਿੱਚ ਮੁਲਾਜਮ ਅਤੇ ਪੈਨਸ਼ਨਰ ਇਕਜੁੱਟ ਹੋ ਕੇ ਸੰਘਰਸ਼ ਕਰਨਗੇ। ਉਹਨਾਂ ਵੱਲੋਂ ਨਗਰ ਨਿਗਮ ਦੇ ਸਮੂਹ ਅਧਿਕਾਰੀਆਂ ਕਰਮਚਾਰੀਆਂ ਅਤੇ ਸ਼ਹਿਰ ਵਾਸੀਆਂ ਨੂੰ ਨਵੇਂ



ਸਾਲ ਦੀਆਂ ਸ਼ੁਭਕਾਮਨਾਵਾਂ ਵੀ ਭੇਟ ਕੀਤੀਆਂ ਗਈਆਂ। ਇਸ ਮੌਕੇ ਤੇ ਬਲਜੀਤ ਸਿੰਘ ਬਾਜਵਾ,ਤਰਸੇਮ ਸਿੰਘ, ਬਲਕਾਰ ਸਿੰਘ, ਸਤਵੰਤ ਸਿੰਘ,ਮੁਲਖ ਰਾਜ,ਸੁਖਦੇਵ ਸਿੰਘ ਅਜਨਾਲਾ, ਤਿਲਕ ਰਾਜ,ਮਨਜੀਤ ਸਿੰਘ,ਰਣਜੀਤ ਸਿੰਘ,ਹਰਜੀਤ ਸਿੰਘ, ਹਰਜਿੰਦਰ ਸਿੰਘ,ਅਮਰਪਾਲ ਸਿੰਘ,ਕੁਲਵੰਤ ਸਿੰਘ,ਪਰਵਿੰਦਰ ਸਿੰਘ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਦੁਰਘਟਨਾਵਾਂ ਦਾ ਕਾਰਨ ਬਣਨ ਵਾਲੇ ਭੂਤਰੇ ਹੋਏ ਸਾਂਡ ਨੂੰ ਨਿਗਮ ਕਰਮਚਾਰੀਆਂ ਨੇ ਕੀਤਾ ਕਾਬੂ



ਫ਼ਗਵਾੜਾ (ਸੁਸ਼ੀਲ ਸ਼ਰਮਾ) ਗੁਰੂ ਨਗਰੀ ਦੇ ਵਿੱਚ ਅਵਾਰਾ ਪਸ਼ੂਆਂ ਦੀ ਭਰਮਾਰ ਤੇ ਚੱਲਦਿਆਂ ਸ਼ਹਿਰ ਵਾਸੀਆਂ ਦੇ ਨੱਕ ਵਿੱਚ ਦਮ ਆਇਆ ਹੋਇਆ ਹੈ। ਅਨੇਕਾਂ ਜਾਨਵਰ ਸੜਕਾਂ ਉੱਤੇ ਦੁਰਘਟਨਾਵਾਂ ਦਾ ਕਾਰਨ ਬਣ ਰਹੇ ਹਨ। ਜਿਸ ਨੂੰ ਦੇਖਦਿਆਂ ਨਗਰ ਨਿਗਮ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਆਦੇਸ਼ਾਂ ਅਤੇ ਸਿਹਤ ਅਧਿਕਾਰੀ ਡਾਕਟਰ ਯੋਗੇਸ਼ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਦੇ ਚੱਲਦਿਆਂ ਨਗਰ ਨਿਗਮ ਦੇ ਕੈਟਲ ਵਿਭਾਗ ਵੱਲੋਂ ਅਵਾਰਾ ਪਸ਼ੂਆਂ ਨੂੰ ਨਿਗਮ ਵਾਹਨਾਂ ਵਿੱਚ ਲੱਦ ਕੇ ਗਾਉਸ਼ਾਲਾ ਤੱਕ ਪਹੁੰਚਾਇਆ ਗਿਆ।

ਸੈਂਟਰੀ ਚੀਫ ਇੰਸਪੈਕਟਰ ਸਰਬਜੀਤ ਸਿੰਘ ਦੀ ਦੇਖ ਰੇਖ ਵਿੱਚ ਬਟਾਲਾ ਰੋਡ,ਲਾਂਰਸ ਰੋਡ ਅਤੇ ਮਜੀਠਾ ਰੋਡ ਤੋਂ ਅਵਾਰਾ ਘੁੰਮਦੇ ਪਸ਼ੂਆਂ ਨੂੰ ਉਠਾਇਆ ਗਿਆ। ਇਸ ਮੁਹਿਮ ਦੇ ਤਹਿਤ ਨਿਗਮ ਕਰਮਚਾਰੀਆਂ ਦੀ ਜਾਣਕਾਰੀ ਦੇ ਮੁਤਾਬਕ ਮਜੀਠਾ ਰੋਡ ਸਥਿਤ ਪ੍ਰੋਫੈਸਰ ਕਲੋਨੀ ਤੋਂ ਇੱਕ ਭੂਤਰੇ ਹੋਏ ਸਾਂਡ ਨੂੰ ਵੀ ਕਾਫੀ ਮੁਸ਼ਕਿਲ ਤੋਂ ਬਾਅਦ ਨਿਗਮ ਬਾਹਰ ਵਿੱਚ ਲੱਦਿਆ ਗਿਆ। ਇਹ ਸਾਂਡ ਸੜਕਾਂ ਉੱਤੇ ਕਈ ਦੁਰਘਟਨਾਵਾਂ ਦਾ ਕਾਰਨ ਵੀ ਬਣਦਾ ਆ ਰਿਹਾ ਸੀ। ਨਿਗਮ ਕਰਮਚਾਰੀਆਂ ਨੇ ਦੱਸਿਆ ਕਿ ਇਸ ਸਾਂਡ ਦੇ ਕਾਰਨ ਦੁਰਘਟਨਾ ਦੌਰਾਨ ਇੱਕ ਔਰਤ ਦੀ ਮੌਤ ਦਾ ਮਾਮਲਾ ਵੀ ਕਾਫੀ ਚਰਚਾ ਵਿੱਚ ਰਿਹਾ ਸੀ। ਨਿਗਮ ਕਰਮਚਾਰੀਆਂ ਵੱਲੋਂ ਇਸ ਸਾਂਡ ਨੂੰ ਫੜਨ ਅਤੇ ਵਾਹਣ ਵਿੱਚ ਲੱਦਣ ਦੌਰਾਨ ਕਾਫੀ ਮੁਸ਼ਕਿਲ ਪੇਸ਼ ਆਈ। ਇਸ ਮੌਕੇ ਤੇ ਸੁਪਰਵਾਈਜ਼ਰ ਮਹੇਸ਼ ਅਟਵਾਲ,ਅਸ਼ੋਕ,ਪਵਨ,ਸੋਨੂ, ਸਲੀਲ ਸਮੇਤ ਹੋਰ ਕਰਮਚਾਰੀ ਵੀ ਮੌਜੂਦ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਸਾਂਝਾ ਫਰੰਟ ਦੇ ਸੱਦੇ ਤੇ ਮਾਣਯੋਗ ਗਵਰਨਰ ਪੰਜਾਬ ਨੂੰ ਮੁਲਾਜ਼ਮ ਪੈਨਸ਼ਨਰਜ ਮੰਗਾ ਅਤੇ ਪੁਲਿਸ ਕੇਸਾਂ ਦੇ ਸੰਬੰਧ ਵਿੱਚ ਮਿਲਣ ਸੈਂਕੜੇ ਆਗੂ ਚੰਡੀਗੜ੍ਹ ਪੁੱਜੇ,18 ਜਨਵਰੀ ਨੂੰ ਈਸੜੂ ਭਵਨ ਲੁਧਿਆਣੇ ਵਿਖੇ ਸਾਂਝੇ ਫਰੰਟ ਵਲੋਂ ਕੀਤਾ ਜਾਵੇਗਾ ਅਗਲੇ ਸੰਘਰਸ਼ ਦਾ ਐਲਾਨ

ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝੇ ਫਰੰਟ ਦੇ 17 ਦਸੰਬਰ ਦੇ ਹੋਏ ਫੈਸਲੇ ਅਨੁਸਾਰ ਸਾਂਝੇ ਫਰੰਟ ਦੇ ਕਨਵੀਨਰ ਸਤੀਸ ਰਾਣਾ,ਜਰਮਨਜੀਤ ਸਿੰਘ,ਕਰਮ ਸਿੰਘ ਧਨੋਆ,ਸੁਖਦੇਵ ਸਿੰਘ ਸੈਣੀ,ਗਗਨਦੀਪ ਸਿੰਘ ਭੁੱਲਰ,ਬਾਜ ਸਿੰਘ ਖਹਿਰਾ,ਗੁਰਵਿੰਦਰ ਸਿੰਘ ਗੰਡੀਵਿੰਡ,ਰਤਨ ਸਿੰਘ ਮਜਾਰੀ,ਸੁਰਿੰਦਰ ਪਾਲ ਸਿੰਘ ਮੋਲੋਵਾਲੀ,ਰਣਜੀਤ ਸਿੰਘ ਰਾਂਣਵਾ,ਭਜਨ ਸਿੰਘ ਗਿੱਲ,ਐਨ.ਕੇ.ਕਲਸੀ,ਕੋ ਕਨਵੀਨਰ ਜਗਦੀਸ ਚਾਹਲ,ਜਸਵੀਰ ਤਲਵਾੜਾ,ਰਾਧੇ ਸਿਆਮ,ਬੋਬਿੰਦਰ ਸਿੰਘ,ਕਰਮਜੀਤ ਬਿਹਲਾ, ਦਿਗਵਿਜੇਪਾਲ ਸ਼ਰਮਾ ਦੀ ਅਗਵਾਈ ਵਿੱਚ ਮਾਣਯੋਗ ਰਾਜਪਾਲ ਪੰਜਾਬ ਨੂੰ ਮੁਲਾਜ਼ਮ / ਪੈਨਸ਼ਨਰਜ ਮੰਗ ਪੱਤਰ ,ਪੰਜਾਬ ਦੇ ਵੱਖ-ਵੱਖ ਜਿਲਿਆ ਵਿੱਚ ਦਰਜ ਮੁਲਾਜ਼ਮਾਂ ਤੇ ਝੂਠੇ ਕੇਸ ਅਤੇ ਚੰਡੀਗੜ੍ਹ ਵਿੱਚ 18 ਕਨਵੀਨਰਜ ਤੇ ਦਰਜ ਹੋਏ ਪੁਲਿਸ ਕੇਸਾਂ ਸੰਬੰਧੀ ਪੱਤਰ ਦੇਣ ਲਈ ਸੁਖਨਾ ਲੇਕ ਚੰਡੀਗੜ੍ਹ ਵਿਚ ਸੈਂਕੜੇ ਮੁਲਾਜ਼ਮ ਪੈਨਸ਼ਨਰਜ ਇਕੱਠੇ ਹੋਏ।ਐਸ. ਐਸ.ਪੀ. ਚੰਡੀਗੜ੍ਹ ਵੱਲੋਂ ਮੌਕੇ ਤੇ ਹੀ ਕਨਵੀਨਰਜ ਨਾਲ ਗੱਲ-ਬਾਤ ਕੀਤੀ ਗਈ ਅਤੇ ਭਰੋਸਾ ਦਿਵਾਇਆ ਗਿਆ ਕਿ ਜਲਦ ਹੀ ਸਮਾਂ ਲੈਕੇ ਮਾਣਯੋਗ ਰਾਜਪਾਲ ਪੰਜਾਬ ਨਾਲ ਉਨ੍ਹਾਂ ਦੇ ਵਫ਼ਦ ਦੀ ਮੀਟਿੰਗ ਕਰਵਾਈ ਜਾਵੇਗੀ ਅਤੇ ਦਰਜ ਪੁਲਿਸ ਕੇਸਾਂ



ਦੇ ਨਿਪਟਾਰੇ ਦਾ ਵੀ ਭਰੋਸਾ ਦਿੱਤਾ ਗਿਆ।ਆਗੂਆਂ ਨੇ ਕਿਹਾ ਕਿ 18 ਜਨਵਰੀ ਨੂੰ ਈਸੜੂ ਭਵਨ ਲੁਧਿਆਣੇ ਵਿਖੇ ਸਾਂਝਾ ਫਰੰਟ ਦੀ 11:00 ਵਜੇ ਮੀਟਿੰਗ ਕਰਕੇ ਅਗਲੇ ਸੰਘਰਸ਼ੀ ਪ੍ਰੋਗਰਾਮਾਂ ਦਾ ਐਲਾਨ ਕੀਤਾ ਜਾਵੇਗਾ।ਇਸ ਮੌਕੇ ਸੁਰਿੰਦਰ ਪੁਆਰੀ,ਐਨ. ਡੀ.ਤਿਵਾੜੀ, ਸੁਰਿੰਦਰ ਪਾਲ ਲਹੌਰੀਆ,ਕਰਤਾਰ ਪਾਲ ਸਿੰਘ,ਗੁਰਪਿਆਰ ਕੋਟਲੀ,ਗੁਰਵਿੰਦਰ ਸਿੰਘ,ਮੰਗਤ ਰਾਮ ਸਮੇਤ ਵੱਡੀ ਗਿਣਤੀ ਵਿੱਚ ਆਗੂ ਸ਼ਾਮਿਲ ਸਨ।

ਰੋਜ਼ਾਨਾ ਲੋਕ ਬਾਣੀ www.lokbani

# ਜਨਮ ਦਿਨ ਮੁਬਾਰਕ

ਰੋਜ਼ਾਨਾ ਲੋਕ ਬਾਣੀ
www.lokbani



ਨਾਮ ਜਾਨਵੀ
ਪਿਤਾ ਦਾ ਨਾਮ: ਟਿੰਕੂ ਕੁਮਾਰ
ਮਾਤਾ ਦਾ ਨਾਮ: ਕਵਿਤਾ
ਵਾਸੀ : ਸੰਗਰੂਰ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਾਹਿਬ ਏ ਕਮਾਲ ਦਸ਼ਮੇਸ਼ ਪਿਤਾ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਏ



ਸ਼ੇਰਪੁਰ, (ਲੋਕ ਬਾਣੀ): – ਸਰਬੰਸਦਾਨੀ ਸਾਹਿਬ ਏ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਵਸ ਨੂੰ ਮੁੱਖ ਰੱਖਦੇ ਹੋਏ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਜੀ ਦਾ ਸਲਾਨਾ ਧਾਰਮਿਕ ਸਮਾਗਮ ਬਹੁਤ ਹੀ ਸ਼ਰਧਾ ਤੇ ਧੂਮ-ਧਾਮ ਨਾਲ 4 , 5 ਅਤੇ 6 ਜਨਵਰੀ ਨੂੰ ਮਨਾਇਆ ਜਾ ਰਿਹਾ ਹੈ। ਇਸ ਸਮਾਗਮ ਨੂੰ ਮੁੱਖ ਰੱਖਦੇ ਹੋਏ ਅੱਜ ਪਹਿਲੇ ਦਿਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਗੁਰਦੁਆਰਾ ਨਾਨਕਸਰ ਸਾਹਿਬ ਤੋਂ ਲੈਕੇ ਸਾਰੇ ਸ਼ਹਿਰ ਤੇ ਗਲੀ ਮੁਹੱਲਿਆਂ ਦੀ ਪ੍ਰਕਰਮਾਂ ਕਰਦਿਆਂ ਹੋਇਆਂ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਫੁੱਲਾਂ ਨਾਲ ਸਜੀ ਸੁੰਦਰ ਪਾਲਕੀ ਵਿੱਚ ਸ਼ੋਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਸੰਗਤਾਂ ਵੱਡੀ ਗਿਣਤੀ ਵਿੱਚ ਜਾਪ ਕਰਦੇ ਚੱਲ ਰਹੀਆਂ ਸਨ । ਨਹਿੰਗ ਸਿੰਘਾਂ ਦੇ ਬਾਣੇ ਚ ਬੈਂਡ ਵੱਲੋਂ ਆਪਣੀ ਕਲਾਂ ਦੇ ਜੌਹਰ ਦਿਖਾਏ ਗਏ ਅਤੇ ਪੰਜਾਬ ਪ੍ਰਸਿੱਧ ਰਾਗੀ -ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਸੁਣਾਕੇ ਨਿਹਾਲ ਕੀਤਾ ਗਿਆ। ਨਗਰ ਕੀਰਤਨ ਦਾ ਵੱਖ ਵੱਖ ਪੜਾਵਾਂ ਤੇ ਜਿੱਥੇ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਉੱਥੇ ਚਾਹ - ਮੱਠੀ , ਪ੍ਰਸ਼ਾਦ ਆਦਿ ਦੇ ਲੰਗਰ ਵੀ ਲਗਾਏ ਗਏ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਉਣ ਸਿੰਘ ਭੁੱਲਰ , ਅਮਰੀਕ ਸਿੰਘ ਮੀਤ ਪ੍ਰਧਾਨ , ਦਵਿੰਦਰ ਸਿੰਘ ਖ਼ਜਾਨਚੀ , ਜਗਪਾਲ ਸਿੰਘ ਸਹਾਇਕ ਖਜਾਨਚੀ , ਹਰਦੀਪ ਸਿੰਘ ਸਕੱਤਰ , ਮਨਜਿੰਦਰ ਸਿੰਘ ਸਹਾਇਕ ਸਕੱਤਰ , ਗੁਰਮੇਲ ਸਿੰਘ ਸਟੋਰ ਕੀਪਰ , ਰਵਿੰਦਰ ਸਿੰਘ ਸਹਾਇਕ ਸਟੋਰ ਕੀਪਰ , ਬਾਬਾ ਨਿਰਮਲ ਸਿੰਘ ਔਲਖ, ਬਹਾਦਰ ਸਿੰਘ, ਹਰਭਜਨ ਸਿੰਘ , ਲਾਲੀ ਸਿੰਘ, ਪ੍ਰੀਤਮ ਸਿੰਘ ਗਰੇਵਾਲ , ਮਹਿੰਦਰ ਸਿੰਘ , ਦਰਸ਼ਨ ਸਿੰਘ ਧਾਲੀਵਾਲ , ਸਰਪੰਚ ਪਰਮਜੀਤ ਕੌਰ , ਚਰਨਜੀਤ ਸਿੰਘ ਗਰੇਵਾਲ , ਸਾਬਕਾ ਸਰਪੰਚ ਰਣਜੀਤ ਸਿੰਘ ਬਿੱਲੂ , ਸਰਪੰਚ ਰਣਜੀਤ ਸਿੰਘ ਧਾਲੀਵਾਲ ਸ਼ੇਰਪੁਰ, ਸਿੱਖ ਬੁੱਧੀਜੀਵੀ ਮੰਚ ਪੰਜਾਬ ਦੇ ਪ੍ਰਧਾਨ ਮਾਸਟਰ ਹਰਬੰਸ ਸਿੰਘ ਸ਼ੇਰਪੁਰ , ਸਾਬਕਾ ਸਰਪੰਚ ਨਿਰਮਲ ਸਿੰਘ ਭੋਲਾ , ਭਾਗ ਸਿੰਘ ਜੇ ਈ , ਥਿੰਦ ਪੱਤੀ ਧਰਮਸ਼ਾਲਾ ਕਮੇਟੀ ਦੇ ਪ੍ਰਧਾਨ ਮਾਸਟਰ ਚਰਨ ਸਿੰਘ ਜਵੰਧਾ, ਬਲਵੀਰ ਸਿੰਘ ਬੀਰਾ, ਮਲਕੀਤ ਸਿੰਘ ਥਿੰਦ , ਧੰਨਾ ਸਿੰਘ ਥਿੰਦ , ਨਿਰਮਲ ਸਿੰਘ ਅੰਜਲਾ , ਸੁਖਵਿੰਦਰ ਸਿੰਘ ਥਿੰਦ , ਸਮਿੰਦਰ ਸਿੰਘ, ਦਰਸ਼ਨ ਸਿੰਘ ਗਿੱਲ , ਰਾਜਿੰਦਰ ਸਿੰਘ ਗਿੱਲ , ਤਿਰਲੋਚਨ ਸਿੰਘ , ਸੁਖਦੇਵ ਸਿੰਘ ਔਲਖ , ਬੋਬੀ ਚੀਮਾ, ਸੁਖਮਨੀ ਸੇਵਾ ਸੁਸਾਇਟੀ ਦੇ ਪ੍ਰਧਾਨ ਸੁਖਦੇਵ ਸਿੰਘ ਦਿਉਸੀ , ਬਲਵਿੰਦਰ ਸਿੰਘ ਸੱਪਲ , ਹਰਦੀਪ ਸਿੰਘ ਪੁਰਬਾ , ਨੰਬਰਦਾਰ ਬਹਾਦਰ ਸਿੰਘ , ਕੌਰ ਸਿੰਘ ਅਤੇ ਵੱਡੀ ਗਿਣਤੀ ਸੰਗਤਾਂ ਹਾਜ਼ਿਰ ਸਨ ।

# ਦਿ ਐੱਜ ਓਵਰਸੀਜ਼ ਧੂਰੀ ਵੱਲੋਂ ਬਰੈਡ , ਪਕੌੜਿਆਂ ਅਤੇ ਚਾਹ ਦਾ ਲੰਗਰ ਲਗਾਇਆ ਗਿਆ



ਧੂਰੀ (ਲੋਕ ਬਾਣੀ): ਦਸਵੇਂ ਪਾਤਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਦਿ ਐੱਜ ਓਵਰਸੀਜ਼ ਧੂਰੀ ਵੱਲੋਂ ਬਰੈਡ , ਪਕੌੜਿਆਂ ਅਤੇ ਚਾਹ ਦਾ ਲੰਗਰ ਲਗਾਇਆ ਗਿਆ , ਇਸ ਮੌਕੇ ਦਿ ਐੱਜ ਓਵਰਸੀਜ਼ ਧੂਰੀ ਦੇ ਐਮ ਡੀ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਦਸਵੇਂ ਪਾਤਸ਼ਾਹੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਅਵਤਾਰ ਦਿਵਸ ਦੀ ਸਭ ਨੂੰ ਮੁਬਾਰਕਵਾਦ ਦਿੰਦਿਆਂ ਕਿਹਾ ਕਿ ਸਾਨੂੰ ਸਭ ਨੂੰ ਗੁਰੂਆਂ ਦੇ ਦਰਸਾਏ ਮਾਰਗ ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਜਾਏ ਨਗਰ ਕੀਰਤਨ ਦਾ ਦਿ ਐੱਜ ਓਵਰਸੀਜ਼ ਧੂਰੀ ਵੱਲੋਂ ਨਿੱਘਾ ਸਵਾਗਤ ਕਰਦਿਆਂ ਸੰਗਤਾਂ ਨੂੰ ਬਰੈਡ , ਪਕੌੜਿਆਂ ਅਤੇ ਚਾਹ ਦਾ ਲੰਗਰ ਵਰਤਾਇਆ ਗਿਆ ।

# ਪਤਨੀ ਅਤੇ ਚਾਰ ਧੀਆਂ ਦੇ ਕਾਤਲ ਬਦਰ ਦੀ ਕਾਨਪੁਰ ਚ ਵੀ ਤਲਾਸ਼ ਜਾਰੀ, ਕਈ ਥਾਵਾਂ ਤੇ ਛਾਪੇਮਾਰੀ



ਮਾਂ ਆਸਮਾਂ (46 ਸਾਲ) | ਬੇਟੀ ਆਲਿਯਾ (9 ਸਾਲ) | ਬੇਟੀ ਅਕਸ਼ਾ (16 ਸਾਲ) | ਬੇਟੀ ਅਲਿਸ਼ਫਾ (19 ਸਾਲ) | ਬੇਟੀ ਰਾਹੀਮੀਨ (18 ਸਾਲ)

ਕਾਨਪੁਰ (ਸੁਨੀਲ ਬਾਜਪਾਈ ) ਬਦਰ ਮੂਲ ਰੂਪ ਵਿੱਚ ਆਗਰਾ ਦਾ ਰਹਿਣ ਵਾਲਾ ਹੈ, ਜਿਸ ਦੀ ਇੱਥੇ ਕਾਨਪੁਰ ਵਿੱਚ ਵੀ ਭਾਲ ਕੀਤੀ ਜਾ ਰਹੀ ਹੈ। ਲਖਨਊ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰਨ ਲਈ ਕਈ ਥਾਵਾਂ ਤੇ ਛਾਪੇਮਾਰੀ ਵੀ ਕੀਤੀ ਹੈ। ਬਦਰ ਮੁਹੰਮਦ ਨੇ ਆਪਣੇ ਬੇਟੇ ਨਾਲ ਮਿਲ ਕੇ ਲਖਨਊ ਦੇ ਇੱਕ ਹੋਟਲ ਵਿੱਚ ਆਪਣੀਆਂ ਚਾਰ ਧੀਆਂ ਅਤੇ ਪਤਨੀ ਦਾ ਕਤਲ ਕਰ ਦਿੱਤਾ ਸੀ। ਇਸ ਤੋਂ ਬਾਅਦ ਉਸ ਦੇ ਬੇਟੇ ਨੂੰ ਗ੍ਰਿਫਤਾਰ ਕਰ ਲਿਆ ਗਿਆ ਪਰ ਬਦਰ ਅਜੇ ਤੱਕ ਫਰਾਰ ਹੈ, ਉਸ ਦੇ ਕਾਨਪੁਰ ਚ ਮੌਜੂਦ ਹੋਣ ਦੀ ਸੂਚਨਾ ਤੇ ਲਖਨਊ ਪੁਲਸ ਨੇ ਕਈ ਥਾਵਾਂ ਤੇ ਛਾਪੇਮਾਰੀ ਕੀਤੀ ਪਰ ਸਫਲਤਾ ਨਹੀਂ ਮਿਲੀ, ਇੱਥੇ ਉਸ ਦੀ ਭਾਲ ਜਾਰੀ ਹੈ।

ਸ਼ਰਨਜੀਤ ਹੋਟਲ, ਚਾਰਬਾਗ, ਲਖਨਊ ਵਿਖੇ ਇਸ ਬਹੁ-ਚਰਚਿਤ ਕਤਲ ਕਾਂਡ ਦਾ ਕਾਰਨ ਮੁਲਜ਼ਮ ਦੇ ਪਰਿਵਾਰ ਨੂੰ ਗੁਆਂਢੀਆਂ ਵੱਲੋਂ ਤੰਗ ਪ੍ਰੇਸ਼ਾਨ ਕਰਨ ਅਤੇ ਪੁਲੀਸ ਵੱਲੋਂ ਨਾ-ਮਿਲਵਰਤਣ ਵਰਗੇ ਦੋਸ਼ਾਂ ਨਾਲ ਸਬੰਧਤ ਹੈ। ਇਸ ਦੌਰਾਨ ਪੁਲੀਸ ਸੂਤਰਾਂ ਨੇ ਦਾਅਵਾ ਕੀਤਾ ਹੈ ਕਿ ਜਿਹੜੇ ਵਿਅਕਤੀ ਫਰਾਰ ਹਨ

ਬਦਰ ਦੇ ਫੜੇ ਜਾਣ ਤੋਂ ਬਾਅਦ ਹੀ ਘਟਨਾ ਦਾ ਭੇਦ ਖੁੱਲ੍ਹੇਗਾ। ਕਿਉਂਕਿ ਉਸ ਨੇ ਅਰਸ਼ਦ ਨਾਲ ਮਿਲ ਕੇ ਕਤਲ ਕੀਤਾ ਹੈ। ਦੋਵਾਂ ਦੇ ਬਿਆਨਾਂ ਦੀ ਕਰਾਸ ਵੈਰੀਫਿਕੇਸ਼ਨ ਕਰਕੇ ਕਤਲ ਦੇ ਅਸਲ ਕਾਰਨਾਂ ਦਾ ਪਤਾ ਲਗਾਇਆ ਜਾਵੇਗਾ। ਯਾਦ ਰਹੇ ਕਿ ਅਰਸ਼ਦ ਦੀ ਮਾਂ ਅਸ਼ਮਾਨ, ਭੈਣ ਅਲਸ਼ੀਆ (19), ਰਹਿਮੀਨ (18), ਅਕਸਾ (16) ਅਤੇ ਆਲੀਆ (9) ਵਾਸੀ ਟਿਹਰੀ ਬਾਗੀਆ, ਇਸਲਾਮਨਗਰ, ਆਗਰਾ ਦੇ ਕੁਬੇਰਪੁਰ ਦੀਆਂ ਲਾਸ਼ਾਂ 1 ਜਨਵਰੀ ਨੂੰ ਆਗਰਾ ਸਥਿਤ ਹੋਟਲ ਸ਼ਰਨਜੀਤ ਤੋਂ ਮਿਲੀਆਂ ਸਨ। ਚਾਰਬਾਗ ਵਿੱਚ। ਉਹ ਹੋਟਲ ਦੇ ਕਮਰੇ ਨੰਬਰ 109 ਵਿੱਚ ਠਹਿਰੇ ਹੋਏ ਸਨ। 31 ਦਸੰਬਰ ਦੀ ਰਾਤ ਨੂੰ ਅਰਸ਼ਦ ਨੇ ਆਪਣੇ ਪਿਤਾ ਬਦਰ ਨਾਲ ਮਿਲ ਕੇ ਸਾਰਿਆਂ ਦਾ ਕਤਲ ਕਰ ਦਿੱਤਾ ਸੀ। ਬਦਰ ਨੇ ਖੁਦ ਚੌਕੀ ਤੇ ਪਹੁੰਚ ਕੇ ਪੁਲਸ ਨੂੰ ਸੂਚਨਾ ਦਿੱਤੀ। ਬਦਰ ਆਪਣੇ ਪੁੱਤਰ ਦੀ ਮਦਦ ਨਾਲ ਫਰਾਰ ਹੋ ਗਿਆ ਸੀ।

ਜਿਸ ਦੀ ਸੂਚਨਾ ਤੇ ਕਾਨਪੁਰ ਚ ਸੀ ਬੱਸ ਅੱਡੇ ਸਮੇਤ ਰੇਲਵੇ ਸਟੇਸ਼ਨ ਦੇ ਆਲੇ-ਦੁਆਲੇ ਤਲਾਸ਼ੀ ਲਈ ਗਈ। ਇੱਕ ਟੀਮ ਆਗਰਾ ਅਤੇ ਅਜਮੇਰ ਵਿੱਚ ਉਸ ਦਾ ਪਤਾ ਲਗਾ ਰਹੀ ਹੈ। ਜਦਕਿ ਇਕ ਟੀਮ ਨੇ ਲਾਸ਼ਾਂ ਨੂੰ ਸੰਭਾਲ ਲਿਆ ਹੈ। ਦੂਜੇ ਪਾਸੇ ਪੁਲੀਸ ਘਟਨਾ ਵਾਲੀ ਥਾਂ ਤੋਂ ਮਿਲੇ ਤਿੰਨਾਂ ਫੋਨਾਂ ਦੀ ਸੀਡੀਆਰ 'ਤੇ ਕੰਮ ਕਰ ਰਹੀ ਹੈ। ਪੁਲੀਸ ਦਾ ਦਾਅਵਾ ਹੈ ਕਿ ਮੁਲਜ਼ਮ ਬਦਰ ਨੂੰ ਜਲਦੀ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਅਤੇ ਘਟਨਾ ਦੇ ਅਸਲ ਕਾਰਨਾਂ ਦਾ ਖੁਲਾਸਾ ਕੀਤਾ ਜਾਵੇਗਾ।

# ਡੀ.ਸੀ ਨੇ ਅਧਿਕਾਰੀਆਂ ਨੂੰ ਕਿਦਵਈ ਨਗਰ ਅਤੇ ਮਿੱਲਰ ਗੰਜ ਵਿਖੇ ਬਣਨ ਵਾਲੇ ਸਕੂਲ ਆਫ਼ ਐਮੀਨੈਂਸ (ਐਸ.ਓ.ਈ) ਦੇ ਲੰਬਿਤ ਕੰਮਾਂ ਨੂੰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ



ਲੁਧਿਆਣਾ, (ਸੁਖਚੈਨ ਮਹਿਰਾ) ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਅੱਜ ਕਿਦਵਈ ਨਗਰ ਅਤੇ ਮਿੱਲਰ ਗੰਜ ਦੇ ਬਣਨ ਵਾਲੇ ਸਕੂਲ ਆਫ਼ ਐਮੀਨੈਂਸ (ਐਸ.ਓ.ਈ) ਵਿੱਚ ਚੱਲ ਰਹੇ ਕੰਮਾਂ ਦਾ ਨਿਰੀਖਣ ਕੀਤਾ।

ਏ.ਡੀ.ਸੀ (ਜਨਰਲ) ਸ੍ਰੀ ਰੋਹਿਤ ਗੁਪਤਾ, ਆਈ.ਏ.ਐਸ (ਅੰਡਰ ਟ੍ਰੇਨਿੰਗ) ਮੈਡਮ ਕ੍ਰਿਤਿਕਾ ਗੋਇਲ ਅਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦੇ ਨਾਲ ਸ੍ਰੀ ਜਤਿੰਦਰ ਜੋਰਵਾਲ ਨੇ ਨਵੇਂ ਕੰਮਾਂ ਸਬੰਧੀ ਸੋਧੇ ਹੋਏ ਅਨੁਮਾਨਾਂ ਦੇ ਪ੍ਰਸਤਾਵ ਨੂੰ ਜਲਦੀ ਤੋਂ ਜਲਦੀ ਅੰਤਿਮ ਰੂਪ ਦੇਣ ਦੇ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਦੋਵੇਂ ਐਸ.ਓ.ਈ ਵਿਚ ਸਮਾਰਟ ਕਲਾਸਰੂਮ, ਆਧੁਨਿਕ ਬੁਨਿਆਦੀ ਢਾਂਚਾ, ਪ੍ਰਯੋਗਸ਼ਾਲਾਵਾਂ, ਸੀ.ਸੀ.ਟੀ.ਵੀ ਨਿਗਰਾਨੀ ਅਤੇ ਵੱਖ-ਵੱਖ ਖੇਡਾਂ ਲਈ ਸਹੂਲਤਾਂ ਵਾਲੇ ਖੇਡ ਦੇ ਮੈਦਾਨਾਂ ਨਾਲ ਲੈਸ ਹੋਣਗੇ।

ਕਿਦਵਈ ਨਗਰ ਐਸ.ਓ.ਈ ਦਾ ਨਿਰਮਾਣ ਲੁਧਿਆਣਾ ਇੰਪਰੂਵਮੈਂਟ ਟਰੱਸਟ ਦੁਆਰਾ ਕੀਤਾ ਜਾ ਰਿਹਾ ਹੈ ਜਦੋਂ ਕਿ ਮਿੱਲਰ ਗੰਜ ਐਸ.ਓ.ਈ ਦਾ ਨਿਰਮਾਣ ਲੋਕ ਨਿਰਮਾਣ ਵਿਭਾਗ ਦੁਆਰਾ ਕੀਤਾ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਕੂਲ ਆਫ਼ ਐਮੀਨੈਂਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਉੱਜਵਲ ਭਵਿੱਖ ਲਈ ਸਿੱਖਿਆ ਖੇਤਰ ਵਿੱਚ ਕ੍ਰਾਂਤੀ ਲਿਆਉਣਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਖੇਤਰ ਵਿੱਚ ਮਿਆਰੀ ਸੇਵਾਵਾਂ ਨੂੰ ਤਰਜੀਹ ਦੇ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਐਸ.ਓ.ਈ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੁਆਰਾ ਸ਼ੁਰੂ ਕੀਤਾ ਗਿਆ ਇੱਕ ਉਤਸ਼ਾਹੀ ਪ੍ਰੋਗਰਾਮ ਹੈ ਅਤੇ ਅਧਿਕਾਰੀਆਂ ਨੂੰ ਲੰਬਿਤ ਕੰਮਾਂ ਨੂੰ ਜਲਦੀ ਪੂਰਾ ਕਰਨ ਲਈ ਇਮਾਨਦਾਰੀ ਨਾਲ ਯਤਨ ਕਰਨ ਦੀ ਅਪੀਲ ਕੀਤੀ।ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਰਹਿੰਦੇ ਕੰਮਾਂ ਨੂੰ ਜਲਦੀ ਤੋਂ ਜਲਦੀ ਪੂਰਾ ਕਰਨ। ਉਨ੍ਹਾਂ ਅੱਜ ਆਪਣੇ ਦਫ਼ਤਰ ਵਿਖੇ ਮੀਟਿੰਗ ਦੌਰਾਨ ਚੱਲ ਰਹੇ ਕੰਮਾਂ ਦਾ ਵਿਸਥਾਰਪੂਰਵਕ ਜਾਇਜ਼ਾ ਵੀ ਲਿਆ ਅਤੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਵੀ ਦਿੱਤੇ।

# ਐਸਸੀਡੀ ਸਰਕਾਰੀ ਕਾਲਜ ਵਿੱਚ ਐਨਐਸਐਸ ਕੈਂਪ ਦਾ ਦੂਜਾ ਦਿਨ



ਲੁਧਿਆਣਾ (ਸੁਖਚੈਨ ਮਹਿਰਾ)ਐਨਐਸਐਸ ਕੈਂਪ ਦੇ ਦੂਜੇ ਦਿਨ ਦੀ ਸ਼ੁਰੂਆਤ ਐਨਐਸਐਸ ਗੀਤ ਨਾਲ ਹੋਈ। ਕਨਵੀਨਰ ਡਾ: ਦੇਵੀਨਾ ਘਈ ਨੇ ਅੱਜ ਦੇ ਮੁੱਖ ਬੁਲਾਰੇ ਸ: ਬਲਦੀਪ ਸਿੰਘ ਦੀ ਜਾਣ-ਪਛਾਣ ਅਤੇ ਸਵਾਗਤ ਕੀਤਾ । ਉਹ ਇੱਕ ਕਮਿਊਨਿਟੀ ਫੈਸੀਲੀਟੇਟਰ ਹੈ ਅਤੇ ਸਵਿਚ ਫਾਰ ਚੇਂਜ ਫਾਊਂਡੇਸ਼ਨ ਨਾਲ ਜੁੜਿਆ ਹੋਇਆ ਹੈ। ਇਹ ਇੱਕ ਗੈਰ-ਮੁਨਾਫ਼ਾ ਸੰਸਥਾ ਹੈ ਜੋ ਇਸਦੇ ਤਿੰਨ ਮੁੱਖ ਥੰਮ੍ਹਾਂ ਦੁਆਰਾ ਇੱਕ ਟਿਕਾਊ ਭਵਿੱਖ ਨੂੰ ਉਤਸ਼ਾਹਿਤ ਕਰਨ ਲਈ ਸਮਰਪਿਤ ਹੈ: ਵਾਤਾਵਰਣ, ਸਸ਼ਕਤੀਕਰਨ ਅਤੇ ਸਿੱਖਿਆ (555)। ਇਹਨਾਂ ਆਪਸ ਵਿੱਚ ਜੁੜੇ ਖੇਤਰਾਂ ਤੇ ਧਿਆਨ ਕੇਂਦ੍ਰਤ ਕਰਕੇ, ਫਾਊਂਡੇਸ਼ਨ ਦਾ ਉਦੇਸ਼ ਵਾਤਾਵਰਣ ਅਤੇ ਵਿਅਕਤੀਆਂ ਦੇ ਜੀਵਨ ਦੋਵਾਂ ਤੇ ਸਕਾਰਾਤਮਕ ਪ੍ਰਭਾਵ ਪਾਉਣਾ ਹੈ।

ਉਸਨੇ ਪੰਜਾਬ ਵਿੱਚ ਸਵੱਛਤਾ ਅਤੇ ਸਵਿੱਚ ਫਾਰ ਚੇਂਜ ਫਾਊਂਡੇਸ਼ਨ ਦੇ ਪ੍ਰਭਾਵਸ਼ਾਲੀ ਕੰਮ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਉਸਨੇ ਸਿੱਖਿਆ ਅਤੇ ਚੈਰਿਟੀ ਦੁਆਰਾ ਕੂੜੇ ਨੂੰ ਵੱਖ ਕਰਨ, ਈ-ਕੂੜਾ ਰੀਸਾਈਕਲਿੰਗ ਅਤੇ ਪਛੜੇ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਵਰਗੀਆਂ ਪਹਿਲਕਦਮੀਆਂ ਨੂੰ ਉਜਾਗਰ ਕੀਤਾ। ਉਸਨੇ ਸੰਦੇਸ਼ ਦੇ ਨਾਲ ਸਿੱਟਾ ਕੱਢਿਆ: ਬਦਲਾਅ ਇੱਛਾ ਨਾਲ ਸ਼ੁਰੂ ਹੁੰਦਾ ਹੈ:

ਕਨਵੀਨਰ ਡਾ.ਸੌਰਭ ਕੁਮਾਰ ਨੇ ਮੁੱਖ ਮਹਿਮਾਨ ਦਾ ਧੰਨਵਾਦ ਕੀਤਾ।

ਦੁਪਹਿਰ ਬਾਅਦ ਪੋਸਟਰ ਮੇਕਿੰਗ ਮੁਕਾਬਲਾ ਕਰਵਾਇਆ ਗਿਆ। ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਨੂੰ ਨਾ ਕਹੋ ਅਤੇ ਵਾਤਾਵਰਣ ਸੁਰੱਖਿਆ ਵਿਸ਼ੇ 'ਤੇ ਆਪਣੀ ਰਚਨਾਤਮਕਤਾ ਅਤੇ ਜਾਗਰੂਕਤਾ ਪ੍ਰਗਟਾਉਣ ਲਈ ਉਤਸ਼ਾਹਿਤ ਕਰਨਾ ਸੀ। ਇਸ ਸਮਾਗਮ ਨੂੰ ਭਰਵਾਂ ਹੁੰਗਾਰਾ ਮਿਲਿਆ, ਭਾਗੀਦਾਰਾਂ ਨੇ ਆਪਣੇ ਕਲਾਤਮਕ ਹੁਨਰ ਦਾ ਪ੍ਰਦਰਸ਼ਨ ਕੀਤਾ ਅਤੇ ਆਪਣੇ ਪੋਸਟਰਾਂ ਰਾਹੀਂ ਮਹੱਤਵਪੂਰਨ ਸੰਦੇਸ਼ ਦਿੱਤੇ।

# ਖਾਲੀ ਪਏ ਪਲਾਟਾਂ ਉੱਤੇ ਕਬਜ਼ਾ ਕਰਨ ਵਾਲੇ ਗਿਰੋਹ ਤੇ ਤੁਰੰਤ ਕਾਰਵਾਈ ਕਰੇ ਪੁਲਿਸ ਪ੍ਰਸ਼ਾਸਨ: ਡਿੰਪੀ ਚੌਹਾਨ (ਵਿਧਾਇਕ ਕੁੰਵਰ ਦੇ ਦਖਲ ਦੇਣ ਮਗਰੋਂ ਛੁਡਵਾਇਆ ਗਿਆ ਕਬਜ਼ਾ)



ਅੰਮ੍ਰਿਤਸਰ((ਲੋਕ ਬਾਣੀ):) ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਤੇ ਆਪ ਨੇਤਾ ਅਸ਼ੋਕ ਡਿੰਪੀ ਚੌਹਾਨ, ਸੂਬਾ ਪ੍ਰਧਾਨ ਅਨੁਜ ਖੇਮਕਾ ਅਤੇ ਸੂਬਾ ਮੀਤ ਪ੍ਰਧਾਨ ਸ਼ੰਕਰ ਅਰੋੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਦੱਸਿਆ ਕਿ ਅੰਮ੍ਰਿਤਸਰ ਵਿੱਚ ਲੋਕਾਂ ਦੇ ਖਾਲੀ ਪਏ ਹੋਏ ਪਲਾਟਾਂ ਉੱਤੇ ਕਬਜ਼ਾ ਕਰਨ ਵਾਲਾ ਗਿਰੋਹ ਕੰਮ ਕਰ ਰਿਹਾ ਹੈ। ਜੋ ਲੋਕ ਪੰਜਾਬ ਤੋਂ ਬਾਹਰ ਹਿਮਾਚਲ, ਜੰਮੂ, ਦਿੱਲੀ ਜਾਂ ਕੀ ਵਿਦੇਸ਼ ਵਿੱਚ ਰਹਿੰਦੇ ਹਨ, ਉਹਨਾਂ ਲੋਕਾਂ ਨੇ ਆਪਣੀ ਜਮਾ ਪੂੰਜੀ ਜੋੜ ਕੇ ਪਲਾਟ ਅਤੇ ਜਮੀਨ ਖਰੀਦ ਕੀਤੀ ਹੁੰਦੀ ਹੈ। ਕਿ ਜੂਰਰਤ ਪੈਨ ਤੇ ਉਹ ਉਸ ਨੂੰ ਵੇਚ ਕੇ ਆਪਣੀ ਬੇਟੀ ਦਾ ਵਿਆਹ ਕਰ ਸਕਣ ਜਾਂ ਕੋਈ ਕਾਰੋਬਾਰ ਕਰ ਸਕਣ ਪਰ। ਕੁਛ ਤਥਾਕਥਿਕ ਭੂ ਮਾਫੀਆ ਦੇ ਨਾਲ ਜੁੜੇ ਹੋਏ ਲੋਕ ਆਪਣੀ ਰਾਜਨੀਤਿਕ ਤਾਕਤ ਦਾ ਇਸਤੇਮਾਲ ਕਰਕੇ ਉਹਨਾਂ ਦੇ ਪਲਾਟਾਂ ਉੱਪਰ ਕਬਜ਼ਾ ਕਰ ਲੈਂਦਾ ਹੈ। ਖਾਲੀ ਪਲਾਟ ਤੇ ਚਾਰ ਦੁਵਾਰੀ ਕਰਕੇ ਗੇਟ ਲਗਾ ਦਿੱਤਾ ਜਾਂਦਾ ਹੈ। ਡਿੰਪੀ ਚੌਹਾਨ ਨੇ ਕਿਹਾ ਕਿ ਪਿਛਲੇ ਦਿਨਾਂ ਉਹਨਾਂ ਦੇ ਰਿਸ਼ਤੇਦਾਰ ਜੋ ਜੰਮੂ ਰਹਿੰਦੇ ਹਨ ਉਹਨਾਂ ਦਾ ਇੱਕ ਪਲਾਟ 166 ਗਜ ਨਿਊ ਗਰੀਨ ਫੀਲਡ ਮਜੀਠਾ ਰੋਡ ਵਿੱਚ ਹੈ। ਜਿਸ ਉੱਪਰ ਕਿਸੇ ਨੇ ਚਾਰ ਦੁਵਾਰੀ ਕਰਕੇ ਗੇਟ ਲਗਾ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ। ਉਹ ਤੁਰੰਤ ਆਪਣੇ ਰਿਸ਼ਤੇਦਾਰਾਂ ਨੂੰ ਨਾਲ ਲੈ ਕੇ ਹਲਕਾ ਉਤਰੀ ਤੋਂ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਜੀ ਦੇ ਨਾਲ ਉਹਨਾਂ ਦੇ ਦਫਤਰ ਵਿੱਚ ਉਹਨਾਂ ਨੂੰ ਮਿਲੇ ਅਤੇ ਸਾਰੀ ਗੱਲਬਾਤ ਉਹਨਾਂ ਨੂੰ ਦੱਸੀ। ਵਿਧਾਇਕ ਕੁੰਵਰ ਵਿਜੇ ਨੇ ਤੁਰੰਤ ਪੁਲਿਸ ਪ੍ਰਸ਼ਾਸਨ ਨਾਲ ਗੱਲਬਾਤ ਕਰਕੇ ਉਹਨਾਂ ਦੇ ਪਲਾਟ ਤੇ ਕਬਜ਼ਾ ਹੋਣ ਤੋਂ ਛੁਡਵਾਇਆ। ਡਿੰਪੀ ਚੌਹਾਨ ਨੇ ਕਿਹਾ ਕਿ ਇਹ ਇੱਕ ਬਹੁਤ ਹੀ ਮੰਦਭਾਗੀ ਘਟਨਾ ਹੈ ਕੀ ਕੁਝ ਭੂ ਮਾਫੀਆ ਨਾਲ ਜੁੜੇ ਲੋਕ ਖਾਲੀ ਪਏ ਪਲਾਟਾਂ ਤੇ ਕਬਜ਼ਾ ਕਰਕੇ ਲੋਕਾਂ ਨੂੰ ਤੰਗ ਪਰੇਸ਼ਾਨ ਕਰਦੇ ਹਨ ਅਤੇ ਬਾਅਦ ਵਿੱਚ ਉਹਨਾਂ ਕੋਲੋਂ ਰਾਜੀਨਾਮਾ ਕਰਨ ਜਾਂ ਉਨਾਂ ਨੂੰ ਕਾਗਜਾਂ ਵਿੱਚ ਉਲਝਾ ਕੇ ਪੈਸੇ ਦੀ ਡਿਮਾਂਡ ਕਰਦੇ ਹਨ। ਜੰਮੂ ਤੋਂ ਆਏ ਰਜਿੰਦਰ ਲੂਥਰਾ, ਜਤਿੰਦਰ ਲੂਥਰਾ ਤੇ ਸੋਨੂ ਲੂਥਰਾ ਨੇ ਵਿਧਾਇਕ ਕੁਵਰ ਵਿਜੇ ਪ੍ਰਤਾਪ ਵੱਲੋਂ ਤੁਰੰਤ ਕੀਤੀ ਗਈ ਕਾਰਵਾਈ ਦਾ ਸਵਾਗਤ ਕੀਤਾ ਅਤੇ ਉਹਨਾਂ ਦਾ ਦਿਲੋਂ ਧੰਨਵਾਦ ਕੀਤਾ। ਉਹਨਾਂ ਕਿਹਾ ਕਿ ਵਿਧਾਇਕ ਕੁੰਵਰ ਵਰਗੇ ਇਮਾਨਦਾਰ ਇਨਸਾਨ ਜੂਰਰ ਦੁਨੀਆਂ ਤੇ ਹੋਣੇ ਚਾਹੀਦੇ ਹਨ ਜੋ ਜੂਰਰਤਮੰਦਾਂ ਦੀ ਸਹਾਇਤਾ ਕਰਦੇ ਹਨ।

ਰੋਜ਼ਾਨਾ ਲੋਕ ਬਾਣੀ www.lokbani

# ਘੱਟ ਗਿਣਤੀ ਭਾਈਚਾਰੇ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਨੂੰ ਲੈ ਕੇ ਜਲਦ ਮੁੱਖ ਮੰਤਰੀ ਪੰਜਾਬ ਨਾਲ ਕਰਾਂਗਾ ਮੁਲਾਕਾਤ :- ਚੇਅਰਮੈਨ ਅਬਦੁਲ ਬਾਰੀ ਸਲਮਾਨੀ



ਲੁਧਿਆਣਾ, (ਸੁਖਚੈਨ ਮਹਿਰਾ) ਸ਼ਹਿਰ ਦੀ ਇਤਿਹਾਸਿਕ ਜਾਮਾ ਮਸਜਿਦ ਵਿਖੇ ਘੱਟ ਗਿਣਤੀ ਕਮਿਸ਼ਨ ਪੰਜਾਬ ਦੀ ਮੀਟਿੰਗ ਦਾ ਆਯੋਜਨ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ੍ਰੀ ਅਬਦੁਲ ਬਾਰੀ ਸਲਮਾਨੀ ਦੀ ਅਗਵਾਈ ਹੇਠ ਕੀਤਾ ਗਿਆ ਜਿਸ ਵਿੱਚ ਵਿਸ਼ੇਸ਼ ਤੌਰ ਤੇ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਮੌਜੂਦ ਰਹੇ। ਇਸ ਮੌਕੇ ਤੇ ਜਿਲਾ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਦੇ ਉੱਚ ਅਧਿਕਾਰੀ ਵੀ ਮੌਜੂਦ ਸਨ। ਘੱਟ ਗਿਣਤੀ ਕਮਿਸ਼ਨ ਪੰਜਾਬ ਦੇ ਚੇਅਰਮੈਨ ਸ੍ਰੀ ਅਬਦੁਲ ਬਾਰੀ ਸਲਮਾਨੀ ਦਾ ਲੁਧਿਆਣਾ ਪਹੁੰਚਣ ਤੇ ਸਵਾਗਤ ਕੀਤਾ ਗਿਆ। ਇਸ ਮੀਟਿੰਗ ਚ ਪੰਜਾਬ ਭਰ ਦੇ ਘੱਟ ਗਿਣਤੀਆਂ ਨੂੰ ਪੇਸ਼ ਆਉਣ ਵਾਲੀਆਂ ਪਰੇਸ਼ਾਨੀਆਂ ਦੇ ਬਾਰੇ ਸ੍ਰੀ ਅਬਦੁਲ ਬਾਰੀ ਸਲਮਾਨੀ ਅਤੇ ਸ਼ਾਹੀ ਇਮਾਮ ਪੰਜਾਬ ਨੇ ਖੁੱਲ ਕੇ ਗੱਲਬਾਤ ਕੀਤੀ। ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਲੁਧਿਆਣਵੀ ਨੇ ਲੁਧਿਆਣਾ ਦੇ ਮੁਸਲਮਾਨਾਂ ਦੀ ਪੁਰਾਣੀ ਮੰਗ ਲਿਖਤੀ ਰੂਪ ਚ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਨੂੰ ਦਿੱਤੀ ਜਿਸ ਵਿੱਚ ਕਿਹਾ ਗਿਆ ਕਿ ਸ਼ਹਿਰ ਵਿੱਚ ਈਦਗਾਹ ਅਤੇ ਮੁਸਲਿਮ ਕਮਿਊਨਿਟੀ ਸੈਂਟਰ ਬਣਾਉਣ ਦੇ ਲਈ ਪੰਜਾਬ ਸਰਕਾਰ ਫੌਰੀ ਤੌਰ ਤੇ ਜਗ੍ਹਾ ਅਤੇ ਫੰਡ ਮੁਹਈਆ ਕਰਵਾਏ।

ਇਸ ਮੌਕੇ ਤੇ ਸ਼ਾਹੀ ਇਮਾਮ ਨੇ ਘੱਟ ਗਿਣਤੀਆਂ ਨੂੰ ਸਬੰਧ ਰੱਖਣ ਵਾਲੇ ਬੱਚਿਆਂ ਦੀ ਸਿੱਖਿਆ ਪੱਧਰ ਨੂੰ ਉੱਤੇ ਚੁੱਕਣ ਲਈ ਪੰਜਾਬ ਭਰ ਦੇ ਬੱਚਿਆਂ ਨੂੰ ਜਾਤੀ ਪ੍ਰਮਾਣ ਪੱਤਰ ਨੂੰ ਲੈ ਕੇ ਆ ਰਹੀ ਪਰੇਸ਼ਾਨੀ ਦੇ ਸੰਬੰਧ ਵਿੱਚ ਵੀ ਗੱਲ ਕੀਤੀ। ਸ਼ਾਹੀ ਇਮਾਮ ਨੇ ਕਮਿਸ਼ਨ ਦੇ ਚੇਅਰਮੈਨ ਦੇ ਸਾਹਮਣੇ ਪੰਜਾਬ ਭਰ ਵਿੱਚ ਆਏ ਦਿਨ ਕਬਰਸਤਾਨਾ ਤੇ ਹੋ ਰਹੇ ਨਜਾਇਜ਼ ਕਬਜ਼ਿਆਂ ਨੂੰ ਲੈ ਕੇ ਪੇਸ਼ ਆ ਰਹੀ ਪਰੇਸ਼ਾਨੀਆਂ ਦੇ ਸੰਬੰਧ ਵਿੱਚ ਵੀ ਗੱਲਬਾਤ ਕੀਤੀ। ਕਮਿਸ਼ਨ ਦੇ ਚੇਅਰਮੈਨ ਅਬਦੁਲ ਬਾਰੀ ਸਲਮਾਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਦਾ ਘੱਟ ਗਿਣਤੀ ਕਮਿਸ਼ਨ ਲਗਾਤਾਰ ਘੱਟ ਗਿਣਤੀਆਂ ਦੀ ਪਰੇਸ਼ਾਨੀਆਂ ਨੂੰ ਹੱਲ ਕਰਵਾਉਣ ਦੇ ਲਈ ਵਚਨਬੱਧ ਹੈ। ਉਹਨਾਂ ਦੱਸਿਆ ਕਿ ਘੱਟ ਗਿਣਤੀਆਂ ਦੇ ਨਾਲ ਸਬੰਧਿਤ ਸਿੱਖਿਆ ਸੰਸਥਾਨਾਂ ਨੂੰ ਘੱਟ ਗਿਣਤੀ ਦਾ ਦਰਜਾ ਦੇ ਕੇ ਵਿਸ਼ੇਸ਼ ਸਹੂਲਤਾਂ ਦੇਣ ਦੇ ਲਈ ਵਿਸ਼ੇਸ਼ ਤੌਰ ਤੇ ਕੰਮ ਕੀਤਾ ਜਾ ਰਿਹਾ ਹੈ। ਚੇਅਰਮੈਨ ਨੇ ਕਿਹਾ ਕੀ ਮਦਰਸਿਆਂ ਵਿੱਚ ਪ੍ਰਾਇਮਰੀ ਸਿੱਖਿਆ ਦੇ ਅਧਿਆਪਕ ਵੀ ਪੰਜਾਬ ਸਰਕਾਰ ਵੱਲੋਂ ਉਪਲਬਧ ਕਰਵਾਏ ਜਾਣਗੇ। ਉਹਨਾਂ ਕਿਹਾ ਕਿ ਲੁਧਿਆਣਾ ਸ਼ਹਿਰ ਅਤੇ ਪੰਜਾਬ ਭਰ ਦੀਆਂ ਜੋ ਵੀ ਮੰਗਾਂ ਪੰਜਾਬ ਦੇ ਮੁਸਲਮਾਨਾਂ ਦੇ ਧਾਰਮਿਕ ਆਗੂ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਲੁਧਿਆਣਵੀ ਵੱਲੋਂ ਰੱਖੀਆਂ ਗਈਆਂ ਹਨ ਮੈਂ ਉਹਨਾਂ ਨੂੰ ਲੈ ਕੇ ਜਲਦ ਹੀ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਨਾਲ ਮਿਲ ਕੇ ਇਹਨਾਂ ਨੂੰ ਛੇਤੀ ਤੋਂ ਛੇਤੀ ਹੱਲ ਕਰਵਾਉਣ ਦੀ ਕੋਸ਼ਿਸ਼ ਕਰਾਂਗਾ।

ਚੇਅਰਮੈਨ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੀ ਘੱਟ ਗਿਣਤੀ ਭਾਈਚਾਰੇ ਦੀ ਤਰੱਕੀ ਅਤੇ ਭਲਾਈ ਲਈ ਵੱਧ ਤੋਂ ਵੱਧ ਉਪਰਾਲੇ ਕਰ ਰਹੀ ਹੈ। ਉਹਨਾਂ ਕਿਹਾ ਕਿ ਘੱਟ ਗਿਣਤੀ ਦੇ ਭਾਈਚਾਰੇ ਦੇ ਲੋਕਾਂ ਨੂੰ ਕਿਸੇ ਵੀ ਪ੍ਰਕਾਰ ਦੀ ਕੋਈ ਪ੍ਰੇਸਾਨੀ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

# ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦਫਤਰ ਬੀ.ਡੀ.ਪੀ.ਓ ਖੰਨਾ ਦੀ ਨਵੀਂ ਬਣੀ ਇਮਾਰਤ ਦਾ ਉਦਘਾਟਨ ਕੀਤਾ

ਖੰਨਾ, ਲੁਧਿਆਣਾ, (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ) ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਖੰਨਾ ਦੀ 20 ਲੱਖ ਰੁਪਏ ਦੀ ਲਾਗਤ ਨਵੀਂ ਬਣੀ ਇਮਾਰਤ ਦਾ ਉਦਘਾਟਨ ਕੀਤਾ ਅਤੇ ਬਲਾਕ ਖੰਨਾ ਦੇ ਪਿੰਡਾਂ ਦੀਆਂ ਵੱਖ-ਵੱਖ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਤਿੰਨ ਕਰੋੜ ਰੁਪਏ ਗ੍ਰਾਂਟ ਜਾਰੀ ਕੀਤੀ।

ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਦਫਤਰ ਬੀ.ਡੀ.ਪੀ.ਓ ਖੰਨਾ ਵਿੱਚ ਨਵੀਂ ਬਣੀ ਬਿਲਡਿੰਗ ਆਉਣ ਵਾਲੇ ਸਮੇਂ ਵਿੱਚ ਵਿਭਾਗ ਨਾਲ ਸਬੰਧਿਤ ਮੀਟਿੰਗਾਂ ਕਰਨ ਲਈ ਵਿਸ਼ੇਸ਼ ਤੌਰ ਤੇ ਕੰਮ ਆਵੇਗੀ।

ਪੰਚਾਇਤ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ 90 ਪ੍ਰਤੀਸ਼ਤ ਪੰਚਾਇਤਾਂ ਉਹ ਚੁਣੀਆਂ ਗਈਆਂ ਹਨ ਜੋ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਸੋਚ ਨੂੰ ਪਿਆਰ ਕਰਦੀਆਂ ਹਨ। ਉਹਨਾਂ ਕਿਹਾ ਕਿ ਜ਼ਿਆਦਾਤਰ ਚੁਣੇ ਗਏ ਪੰਚ-ਸਰਪੰਚ ਨੌਜਵਾਨ ਵਰਗ ਵਿੱਚੋਂ ਹਨ। ਉਹਨਾਂ ਕਿਹਾ ਕਿ 70 ਪ੍ਰਤੀਸ਼ਤ ਸਰਪੰਚ ਉਹ ਹਨ ਜਿਨਾਂ ਦੀ ਉਮਰ 25 ਤੋਂ 40 ਸਾਲ ਦੇ ਵਿੱਚ-ਵਿੱਚ ਹੈ।

ਕੈਬਨਿਟ ਮੰਤਰੀ ਸ੍ਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਨਵੀਆਂ ਚੁਣੀਆਂ ਪੰਚਾਇਤਾਂ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਲੋਕ ਹਿੱਤ ਵਿੱਚ ਫੈਸਲੇ ਲੈਣ ਨੂੰ ਤਰਜੀਹ ਦੇਣ। ਉਨ੍ਹਾਂ ਕਿਹਾ ਕਿ ਤਾਂ ਜ਼ੋ ਪੰਜਾਬ ਸਰਕਾਰ ਵੱਲੋਂ ਮਿਲਣ ਵਾਲੀਆਂ ਗ੍ਰਾਂਟਾ ਦੀ ਪਾਰਦਰਸ਼ੀ ਢੰਗ ਨਾਲ ਵਰਤੋਂ ਕਰਦਿਆਂ ਪਿੰਡਾਂ ਨੂੰ ਸ਼ਹਿਰਾਂ ਦੀ ਤਰਜ਼ ਤੇ ਸੁਵਿਧਾਵਾਂ ਮੁਹੱਈਆ ਕਰਵਾਈਆ ਜਾਣ।

ਪੰਚਾਇਤ ਮੰਤਰੀ ਨੇ ਕਿਹਾ ਕਿ ਪੰਚਾਇਤਾਂ ਦਾ ਪਿੰਡ ਦੀ ਤਰੱਕੀ ਅਤੇ ਖੁਸ਼ਹਾਲੀ ਵਿੱਚ ਅਹਿਮ ਰੋਲ ਹੁੰਦਾ ਹੈ, ਇਸ ਲਈ ਸਮੁੱਚੀ ਪੰਚਾਇਤ ਦਾ ਫ਼ਰਜ਼ ਬਣਦਾ ਹੈ ਕਿ ਲੋਕਾਂ ਦੀ ਭਲਾਈ ਲਈ ਕੀਤੇ ਜਾਣ ਵਾਲੇ ਹਰੇਕ ਕਾਰਜ਼ ਨੂੰ ਲੋਕਾਂ ਦੀ ਸਲਾਹ ਨਾਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੀ ਲਗਭਗ 70 ਫੀਸਦੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਜਿਸ ਕਾਰਨ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦੇ ਚਾਨਣ ਮੁਨਾਰੇ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਸੂਬਾ ਸਰਕਾਰ ਵੱਲੋਂ ਬਣਾਈਆ ਨੀਤੀਆਂ ਅਤੇ ਇਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਵਿੱਚ ਸਰਪੰਚਾਂ-ਪੰਚਾਂ ਦੀ ਵੱਡੀ ਭੂਮਿਕਾ ਹੁੰਦੀ ਹੈ। ਉਨ੍ਹਾਂ ਸਮੂਹ ਪੰਚਾਇਤਾਂ ਨੂੰ ਭਰੋਸਾ ਦਿੱਤਾ ਕਿ ਪਿੰਡਾਂ ਦੇ ਵਿਕਾਸ ਕਾਰਜ਼ਾਂ ਲਈ ਫ਼ੰਡਾਂ ਦੀ ਕੋਈ ਘਾਟ ਨਹੀ ਆਉਣ ਦਿੱਤੀ ਜਾਵੇਗੀ, ਬਸ ਲੋੜ ਹੈ ਹਰੇਕ ਪੰਚਾਇਤ ਨੂੰ ਆਪਣੇ ਪਿੰਡ ਨੂੰ ਵਿਕਾਸ ਦੀਆਂ ਲੀਹਾਂ ਵੱਲ ਤੋਰਨ ਦੀ ਅਤੇ ਲੋਕਾਂ ਦੀ ਆਵਾਜ਼ ਬਣ ਕੇ ਕੰਮ ਕਰਨ ਦੀ।

ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪਿੰਡਾਂ ਵਿੱਚ ਵਿਕਾਸ ਅਤੇ ਖ਼ੁਸ਼ਹਾਲੀ ਦੀ ਗਤੀ ਨੂੰ ਹੋਰ ਹੁਲਾਰਾ ਦੇਣਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਪੰਚਾਇਤਾਂ ਸਰਕਾਰ ਅਤੇ ਪਿੰਡਾਂ ਵਿਚਕਾਰ ਪੁਲ ਦਾ ਕੰਮ ਕਰਦੀਆਂ ਹਨ ਅਤੇ ਪੰਚਾਂ ਤੇ ਸਰਪੰਚਾਂ ਨੂੰ ਪਿੰਡਾਂ ਦੇ ਵਿਕਾਸ ਵਿੱਚ ਵੱਡਾ ਰੋਲ ਅਦਾ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਪੰਚਾਇਤਾਂ ਨੂੰ ਪਿੰਡਾਂ ਨੂੰ ਸਾਫ਼-ਸੁਥਰਾ, ਹਰਿਆ ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਸਖ਼ਤ ਮਿਹਨਤ ਕਰਨ ਲਈ ਵੀ ਕਿਹਾ।

# ਮੁੱਖ ਮੰਤਰੀ ਦੇ ਹਲਕੇ ਵਿੱਚ ਚੋਰਾ ਦਾ ਆਤੰਕ ਮੁੱਖ ਮੰਤਰੀ ਆਪਣੇ ਹਲਕੇ ਵੱਲ ਧਿਆਨ ਦੇਣ : ਸ਼ੁਭਮ ਸ਼ਰਮਾ



ਧੂਰੀ (ਲੋਕ ਬਾਣੀ): ਧੂਰੀ ਸ਼ਹਿਰ ਜਿਥੋ ਜਿਤਕੇ ਮੁੱਖ ਮੰਤਰੀ ਬਣੇ ਹਨ ਭਗਵੰਤ ਸਿੰਘ ਮਾਨ, ਪ੍ਰੰਤੂ ਹੁਣ ਉਸੇ ਸ਼ਹਿਰ ਧੂਰੀ ਵਿੱਚ ਚੋਰਾ ਦੇ ਆਤੰਕ ਤੋ ਲੋਕਾ ਵਿੱਚ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ। ਸ਼ਹਿਰ ਅੰਦਰ ਲਗਾਤਾਰ ਹੋ ਰਹੀਆ ਚੋਰੀਆ ਤੋ ਲੱਗਦਾ ਹੈ ਕਿ ਚੋਰਾ ਅੰਦਰ ਪ੍ਰਸ਼ਾਸਨ ਦਾ ਕੋਈ ਡਰ ਨਹੀ। ਚੋਰਾ ਨੇ ਜਿਥੇ ਆਮ ਲੋਕਾ ਨੂੰ ਨਿਸ਼ਾਨਾ ਬਣਾਇਆ ਉਥੇ ਹੀ ਧੂਰੀ ਦੇ ਮਸ਼ਹੂਰ ਡਾਕਟਰ ਕੇ ਐਨ ਸ਼ਰਮਾ ਦੇ ਘਰ ਅਤੇ ਹਸਪਤਾਲ ਵਿੱਚ ਦਾਖਲ ਹੋਕੇ ਚੋਰੀ ਦੇ ਨਾਲ-ਨਾਲ ਡਾਕਟਰ ਨਾਲ ਕੁੱਟਮਾਰ ਵੀ ਕੀਤੀ। ਅੱਜ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੁਭਮ ਸ਼ਰਮਾ ਸ਼ੁਭੀ ਨੇ ਡਾਕਟਰ ਕੇ ਐਨ ਸ਼ਰਮਾ ਅਤੇ ਧੂਰੀ ਸ਼ਹਿਰ ਦੇ ਉਹਨਾ ਲੋਕਾ ਨਾਲ ਮੁਲਾਕਾਤ ਕੀਤੀ ਜਿਨਾ ਨੂੰ ਚੋਰਾ ਨੇ ਆਪਣਾ ਨਿਸ਼ਾਨਾ ਬਣਾਇਆ ਸੀ। ਇਸ ਮੋਕੇ ਪੱਤਰਕਾਰਾ ਨਾਲ ਗੱਲਬਾਤ ਕਰਦਿਆ ਕਾਂਗਰਸੀ ਆਗੂ ਸ਼ੁਭਮ ਸ਼ਰਮਾ ਸ਼ੁਭੀ ਨੇ ਕਿਹਾ ਕਿ ਮੁੱਖ ਮੰਤਰੀ ਦਾ ਆਪਣਾ ਹਲਕਾ ਹੋਣ ਦੇ ਬਾਵਜੂਦ ਵੀ ਸੁਰੱਖਿਆ ਵਿਵਸਥਾ ਦਾ ਇਹਨਾ ਮਾੜਾ ਹਾਲ ਹੈ ਕਿ ਹਲਕੇ ਦੇ ਲੋਕ ਦਹਿਸ਼ਤ ਵਿੱਚ ਆਪਣੀ ਜਿੰਦਗੀ ਜੀ ਰਹੇ ਹਨ। ਉਹਨਾ ਕਿਹਾ ਕਿ ਸ਼ਹਿਰ ਅੰਦਰ ਚੋਰਾ ਨੇ ਆਤੰਕ ਮਚਾਇਆ ਹੋਇਆ ਹੈ ਪਰ ਮੁੱਖ ਮੰਤਰੀ ਦਾ ਆਪਣੇ ਹਲਕੇ ਵੱਲ ਕੋਈ ਧਿਆਨ ਨਹੀ। ਉਹਨਾ ਪੁਲਿਸ ਪ੍ਰਸ਼ਾਸਨ ਅਤੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਜੇਕਰ ਮਾੜੇ ਅਨਸਰਾ ਨੂੰ ਨੱਥ ਨਾ ਪਾਈ ਗਈ ਤਾਂ ਉਹ ਸ਼ਹਿਰ ਵਾਸੀਆ ਦੇ ਸਹਿਯੋਗ ਨਾਲ ਸਰਕਾਰ ਦੇ ਖਿਲਾਫ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋ ਜਾਣਗੇ। ਇਸ ਮੋਕੇ ਡਾਕਟਰ ਕੇ ਐਨ ਸ਼ਰਮਾ, ਬਾਬਾ ਵਿਜੇ ਗੋਇਲ , ਵਿਜੈ ਕੁਮਾਰ ਮਾਲਕ ਮਹਿਕ ਸਲੂਨ ਧੂਰੀ ਅਤੇ ਹੋਰ ਪੀੜਤ ਲੋਕਾ ਨੇ ਕਿਹਾ ਕਿ ਚੋਰਾ ਨੂੰ ਜਲਦੀ ਤੋ ਜਲਦੀ ਫੜਕੇ ਉਹਨਾ ਨੂੰ ਇਨਸਾਫ ਦਿਵਾਇਆ ਜਾਵੇ।

# ਐਸਸੀਡੀ ਸਰਕਾਰੀ ਕਾਲਜ ਵਿੱਚ ਐਨਐਸਐਸ 7 ਰੋਜ਼ਾ ਕੈਂਪ ਦਾ ਉਦਘਾਟਨ

ਲੁਧਿਆਣਾ ( ਸੁਖਚੈਨ ਮਹਿਰਾ)7 ਰੋਜ਼ਾ ਐਨਐਸਐਸ ਕੈਂਪ ਦੀ ਸ਼ੁਰੂਆਤ ਐਸਸੀਡੀ ਸਰਕਾਰੀ ਕਾਲਜ ਵਿੱਚ ਦੀਪ ਜਗਾ ਕੇ ਅਤੇ ਸਰਸਵਤੀ ਵੰਦਨਾ ਨਾਲ ਹੋਈ। ਐਨਐਸਐਸ ਦੇ ਕਨਵੀਨਰ (ਲੜਕੇ) ਡਾ: ਸੌਰਭ ਕੁਮਾਰ ਨੇ ਮੁੱਖ ਮਹਿਮਾਨ ਸ੍ਰੀ ਵਿਸ਼ਾਲ ਜੈਨ (ਕਨਵੀਨਰ, ਸਵਾਮੀ ਵਿਵੇਕਾਨੰਦ ਸਟੱਡੀ ਸੈਂਟਰ, ਪੰਜਾਬ ਅਤੇ ਫਿਲਮ ਨਿਰਦੇਸ਼ਕ) ਨਾਲ ਜਾਣ-ਪਛਾਣ ਕਰਵਾਈ।

ਐਨਐਸਐਸ ਕਨਵੀਨਰ (ਲੜਕੀਆਂ) ਡਾ: ਦੇਵੀਨਾ ਘਈ ਅਤੇ ਪ੍ਰੋਫੈਸਰ ਸ਼ਿਲਪਾ ਸ਼ਰਮਾ ਨੇ ਮੁੱਖ ਮਹਿਮਾਨ ਨੂੰ ਸ਼ਰਧਾਪੂਰਵਕ ਪਾਉਧਾ ਭੇਂਟ ਕਰਕੇ ਸਵਾਗਤ ਕੀਤਾ।



ਸ਼੍ਰੀ ਜੈਨ ਨੇ ਰਾਸ਼ਟਰ ਨਿਰਮਾਣ ਵਿੱਚ ਨੌਜਵਾਨਾਂ ਦੀ ਮਹੱਤਵਪੂਰਨ ਭੂਮਿਕਾ ਤੇ ਜ਼ੋਰ ਦਿੰਦੇ ਹੋਏ ਕੈਂਪ ਦਾ ਵਿਸ਼ਾ, ਮੇਰੇ ਭਾਰਤ ਦਾ ਨੌਜਵਾਨ ਅਤੇ ਡਿਜੀਟਲ ਸਾਖਰਤਾ ਪੇਸ਼ ਕੀਤਾ। ਇੱਕ ਇੰਟਰਐਕਟਿਵ ਸੈਸ਼ਨ ਵਿੱਚ, ਉਸਨੇ ਭਾਗੀਦਾਰਾਂ ਨੂੰ ਨਿੱਜੀ ਅਤੇ ਸਮਾਜਿਕ ਵਿਕਾਸ ਦੇ ਮਾਰਗ ਵਜੋਂ ਸਵੈ-ਸੁਧਾਰ ਤੇ ਧਿਆਨ ਦੇਣ ਲਈ ਪ੍ਰੇਰਿਤ ਕੀਤਾ।

ਰੋਜ਼ਾਨਾ ਲੋਕ ਬਾਣੀ www.lokbani

ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਗੁਰਸ਼ਰਨਜੀਤ ਸਿੰਘ ਸੰਧੂ ਨੇ ਸ਼੍ਰੀ ਜੈਨ ਦੇ ਪ੍ਰੇਰਨਾਦਾਇਕ ਭਾਸ਼ਣ ਅਤੇ ਵਿਦਿਆਰਥੀਆਂ ਦੀ ਉਤਸ਼ਾਹੀ ਸ਼ਮੂਲੀਅਤ ਦੀ ਸ਼ਲਾਘਾ ਕਰਦਿਆਂ ਤਹਿ ਦਿਲੋਂ ਧੰਨਵਾਦ ਕੀਤਾ।

ਸੈਸ਼ਨ ਦੀ ਸਮਾਪਤੀ ਰਾਸ਼ਟਰੀ ਗੀਤ ਨਾਲ ਹੋਈ, ਜਿਸ ਨਾਲ ਅਗਲੇ ਹਫਤੇ ਲਈ ਇੱਕ ਪ੍ਰੇਰਨਾਦਾਇਕ ਸੁਰ ਤੈਅ ਕੀਤੀ ਗਈ। ਇਸ ਮੌਕੇ ਮੁੱਖ ਮਹਿਮਾਨ ਸ੍ਰੀ ਵਿਸ਼ਾਲ ਜੈਨ, ਸ. ਪਰਮਜੀਤ ਸਿੰਘ (ਕੈਂਪਸ ਇੰਚਾਰਜ), ਡਾ: ਦੇਵੀਨਾ ਘਈ, ਡਾ: ਸੌਰਭ ਕੁਮਾਰ ਅਤੇ ਪ੍ਰੋ. ਸ਼ਿਲਪਾ ਸ਼ਰਮਾ ਵੱਲੋਂ 'ਇੱਕ ਰੁੱਖ ਮਾਂ ਦੇ ਨਾਮ' ਉਪਰਾਲੇ ਤਹਿਤ ਰੁੱਖ ਲਗਾਓ ਵੀ ਕੀਤਾ ਗਿਆ। ਦੁਪਹਿਰ ਨੂੰ ਇੱਕ ਬਰਫ਼ ਤੋੜਨ ਦਾ ਸੈਸ਼ਨ ਆਯੋਜਿਤ ਕੀਤਾ ਗਿਆ ਸੀ ਜਿੱਥੇ ਵਲੰਟੀਅਰਾਂ ਨੇ ਇੱਕ ਦੂਜੇ ਨਾਲ ਗੱਲਬਾਤ ਕੀਤੀ ਅਤੇ ਭਾਗੀਦਾਰਾਂ ਵਿੱਚ ਭਾਈਚਾਰਕ ਸਾਂਝ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਕੀਤੀ।

ਇਹ ਕੈਂਪ 9 ਜਨਵਰੀ ਤੱਕ ਚੱਲੇਗਾ ਜਿਸ ਵਿੱਚ ਆਉਣ ਵਾਲੇ ਦਿਨਾਂ ਵਿੱਚ ਐਨਐਸਐਸ ਯੂਨਿਟ ਵੱਲੋਂ ਭਾਗੀਦਾਰਾਂ ਵਿੱਚ ਭਾਈਚਾਰਕ ਸੇਵਾ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਤਸ਼ਾਹਤ ਕਰਨ ਲਈ ਸਫਾਈ ਅਭਿਆਨ, ਸਾਈਬਰ ਸੁਰੱਖਿਆ ਜਾਗਰੂਕਤਾ, ਯੋਗਾ ਸੈਸ਼ਨ, ਮਾਨਸਿਕ ਸਿਹਤ ਜਾਗਰੂਕਤਾ, ਸਮਾਜਿਕ ਜ਼ਿੰਮੇਵਾਰੀ ਪਹਿਲਕਦਮੀਆਂ ਆਦਿ ਦਾ ਆਯੋਜਨ ਕੀਤਾ ਜਾਵੇਗਾ। ਕੈਂਪ ਦੇ ਆਖ਼ਰੀ ਦਿਨ ਰੰਗਾਰੰਗ ਪ੍ਰੋਗਰਾਮ ਅਤੇ ਅਨੁਭਵ ਬਿਰਤਾਂਤ ਨਾਲ ਸਮਾਗਮ ਦੀ ਸਮਾਪਤੀ ਹੋਵੇਗੀ।

# ਕਸ਼ਮੀਰ ਭਾਰਤ ਦਾ ਅਨਿੱਖੜਵਾਂ ਅੰਗ ਸੀ, ਹੈ ਅਤੇ ਰਹੇਗਾ; ਸਮੇਂ ਨੇ ਉਸ ਧਾਰਾ ਨੂੰ ਹਟਾ ਦਿੱਤਾ ਹੈ ਜਿਸ ਨੇ ਕਸ਼ਮੀਰ ਨੂੰ ਭਾਰਤ ਤੋਂ ਵੱਖ ਕਰਨ ਦੀ ਕੋਸ਼ਿਸ਼ ਕੀਤੀ: ਅਮਿਤ ਸ਼ਾਹ



ਲੁਧਿਆਣਾ/ਜਲੰਧਰ (ਲੋਕ ਬਾਣੀ): ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਅਮਿਤ ਸ਼ਾਹ ਨੇ ਜੰਮੂ-ਕਸ਼ਮੀਰ ਅਤੇ ਲਦਾਖ: ਸੱਤਿਆ ਅਤੇ ਸੰਬਧਤਾ ਦਾ ਇਤਿਹਾਸਕ ਘਟਨਾਕ੍ਰਮ ਕਿਤਾਬ ਦੇ ਵਿਮੋਚਨ ਦੇ ਸਮੇਂ ਨੇ ਇਹ ਸਪੱਸ਼ਟ ਕੀਤਾ ਕਿ ਆਜ਼ਾਦੀ ਦੇ ਬਾਅਦ ਦਸ਼ਾਂ ਤੱਕ ਕਾਂਗਰਸ ਅਤੇ ਉਨ੍ਹਾਂ ਦੇ ਸਹਿਯੋਗੀ ਦਲਾਂ ਨੇ ਜੰਮੂ-ਕਸ਼ਮੀਰ ਨੂੰ ਭਾਰਤ ਤੋਂ ਵੱਖ ਕਰਨ ਦਾ ਯਤਨ ਕੀਤਾ। ਪਰ, ਅਮ੍ਰਿਤਕਾਲ ਵਿਚ ਧਾਰਾ 370 ਨਾਮਕ ਉਸ ਨਾਸੂ ਨੂੰ ਵੀ ਖਤਮ ਕਰ ਦਿੱਤਾ ਗਿਆ, ਜੋ ਬਲ ਪਰ ਜੰਮੂ-ਕਸ਼ਮੀਰ ਨੂੰ ਭਾਰਤ ਤੋਂ ਵੱਖ ਕਰਨ ਦਾ ਯਤਨ ਕੀਤਾ ਜਾ ਰਿਹਾ ਸੀ। ਨਰੇਂਦਰ ਮੋਦੀ ਦੇ ਅਗਵਾਈ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਮਾਰਗਦਰਸ਼ਨ ਵਿੱਚ ਕਸ਼ਮੀਰ ਵਿੱਚ ਅੱਤਵਾਦ ਦੇ ਇਕੋਸਿਸਟਮ ਨੂੰ ਪੂਰੀ ਤਰ੍ਹਾਂ ਖਤਮ ਕਰਨ, ਸ਼ਾਂਤੀ ਅਤੇ ਸਥਿਰਤਾ ਨੂੰ ਮਜ਼ਬੂਤ ਕਰਨ ਦਾ ਵਿਲੱਖਣ ਕੰਮ ਕੀਤਾ ਗਿਆ ਹੈ। ਧਾਰਾ 370 ਖਤਮ ਹੋਣ ਤੋਂ ਬਾਅਦ ਕਸ਼ਮੀਰ ਵਿੱਚ ਅੰਤਕ ਘਟਨਾਵਾਂ ਵਿੱਚ 70% ਤੋਂ ਘੱਟ ਹੋਇਆ ਹੈ ਅਤੇ ਇਹ ਸਿੱਧ ਹੁੰਦਾ ਹੈ ਕਿ ਧਾਰਾ 370 ਅੰਤਕਵਾਦ ਦੀ ਵਧੇਰੇ ਗੱਲ ਹੈ। ਕਸ਼ਮੀਰ ਵਿੱਚ ਪਥਰਾਓ ਦੀ 2018 ਵਿੱਚ 2,100 ਘਟਨਾਵਾਂ ਵਾਪਰੀਆਂ, ਜਦੋਂ ਕਿ 2023 ਵਿੱਚ ਇੱਕ ਵੀ ਘਟਨਾ ਨਹੀਂ ਵਾਪਰੀ। 33 ਸਾਲ ਬਾਅਦ ਕਸ਼ਮੀਰ ਘਾਟੀ ਵਿੱਚ ਥੀਏਟਰ ਵਿੱਚ ਨਾਈਟ ਸ਼ੋਅ ਚੱਲਦਾ ਹੈ, ਤਾਜੀਆ ਦਾ ਜੁਲੂਸ ਨਿਕਲਦਾ ਹੈ ਅਤੇ ਸ਼੍ਰੀਨਗਰ ਦੇ ਲਾਲ ਚੌਕ ਤੇ ਕ੍ਰਿਸ਼ਨ ਜਨਮ ਦੀ ਝਾਂਕੀ ਦੇਖਣ ਨੂੰ ਮਿਲੀ ਹੈ।

# ਕਾਨਪੁਰ ਦੇ ਹੋਟਲ ਚੋਂ ਮਿਲੀ ਨਵੇਂ ਸਾਲ ਦੀ ਪਾਰਟੀ ਮਨਾਉਣ ਗਏ ਨੌਜਵਾਨ ਦੀ ਲਾਸ਼, ਜਾਂਚ ਸ਼ੁਰੂ

ਕਾਨਪੁਰ ( ਸੁਨੀਲ ਬਾਜਪਾਈ) ਇੱਥੇ ਜ਼ਿਲ੍ਹੇ ਵਿੱਚ ਕਤਲ ਕੀਤੇ ਗਏ ਨੌਜਵਾਨਾਂ ਦੀਆਂ ਲਾਸ਼ਾਂ ਲਗਾਤਾਰ ਮਿਲ ਰਹੀਆਂ ਹਨ, ਜਿਸ ਕਾਰਨ ਇੱਥੋਂ ਦੇ ਇੱਕ ਹੋਟਲ ਵਿੱਚ ਦੋਸਤਾਂ ਨਾਲ ਨਿਊ ਈਅਰ ਪਾਰਟੀ ਮਨਾਉਣ ਗਏ ਨੌਜਵਾਨ ਦੀ ਨੰਗੀ ਲਾਸ਼ ਮਿਲਣ ਤੋਂ ਬਾਅਦ ਹੜਕੰਪ ਮੱਚ ਗਿਆ। ਪੁਲਸ ਉਸ ਦੀ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਕੇ ਘਟਨਾ ਦੀ ਜਾਂਚ ਕਰ ਰਹੀ ਹੈ। ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਕਾਨਪੁਰ ਵਿੱਚ ਅਣਪਛਾਤੀਆਂ ਲਾਸ਼ਾਂ ਮਿਲਣ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ।

ਫਿਲਹਾਲ ਨਜੀਬਾਬਾਦ ਥਾਣਾ ਖੇਤਰ ਦੀ ਇਸ ਘਟਨਾ ਚ ਪਰਿਵਾਰਕ ਮੈਂਬਰਾਂ ਨੇ ਆਪਣੇ ਦੋਸਤਾਂ ਤੇ ਕਤਲ ਦਾ ਦੋਸ਼ ਲਗਾਇਆ ਹੈ। ਪੁਲਸ ਅਤੇ ਫੋਰੈਂਸਿਕ ਟੀਮ ਨੇ ਮੌਕੇ ਤੇ ਪਹੁੰਚ ਕੇ ਜਾਂਚ ਕੀਤੀ ਅਤੇ ਸਬੂਤ ਇਕੱਠੇ ਕੀਤੇ।

ਪੁਲਿਸ ਮੁਤਾਬਕ ਮਾਮਲੇ ਦੀ ਜਾਂਚ ਤੋਂ ਬਾਅਦ ਅਗਲੀ ਕਾਰਵਾਈ ਕੀਤੀ ਜਾਵੇਗੀ। ਘਟਨਾ ਸਬੰਧੀ ਪ੍ਰਾਪਤ ਵੇਰਵਿਆਂ ਅਨੁਸਾਰ ਚਮਨਗੰਜ ਦੇ ਭੰਨਨਾਪੁਰਵਾ ਵਿੱਚ ਰਹਿਣ ਵਾਲੇ ਅਪਾਹਜ ਅਵਧੇਸ਼ ਗੁਪਤਾ ਦਾ ਇਕਲੌਤਾ ਪੁੱਤਰ ਗੌਰਵ (22) ਸਵਰੂਪ ਨਗਰ ਸਥਿਤ ਇੱਕ ਕੈਫੇ ਵਿੱਚ ਕੰਮ ਕਰਦਾ ਸੀ।



ਪਰਿਵਾਰਕ ਮੈਂਬਰਾਂ ਨੇ ਮੌਕੇ ਤੇ ਪਹੁੰਚੀ ਪੁਲਸ ਨੂੰ ਦੱਸਿਆ ਕਿ ਗੌਰਵ ਆਪਣੇ ਦੋਸਤਾਂ ਨਾਲ ਗੁੰਮਟੀ ਦੇ ਏਵੀਐੱਸ ਗ੍ਰੈਂਡ ਹੋਟਲ ਚ ਪਾਰਟੀ ਮਨਾਉਣ ਗਿਆ ਸੀ। ਇੱਥੇ ਉਨ੍ਹਾਂ ਨੇ ਦੋ ਕੈਮਰੇ ਵੀ ਬੁੱਕ ਕਰਵਾਏ ਸਨ।

ਪੁਲਿਸ ਵੱਲੋਂ ਹੁਣ ਤੱਕ ਕੀਤੀ ਗਈ ਤਫ਼ਤੀਸ਼ ਅਨੁਸਾਰ ਦੇਰ ਰਾਤ ਸਾਰੇ ਦੋਸਤਾਂ ਨੇ ਗੌਰਵ ਨੂੰ ਸ਼ਰਾਬ ਪੀ ਕੇ ਹੋਟਲ ਵਿੱਚ ਛੱਡ ਦਿੱਤਾ ਸੀ। ਕੁਝ ਦੇਰ ਬਾਅਦ ਜਦੋਂ ਉਸ ਦਾ ਇੱਕ ਦੋਸਤ ਮੋਬਾਈਲ ਚਾਰਜਰ ਲੈਣ ਲਈ ਹੋਟਲ ਦੇ ਕਮਰੇ ਵਿੱਚ ਵਾਪਸ ਆਇਆ ਤਾਂ ਉਸ ਨੇ ਗੌਰਵ ਨੂੰ ਬਾਥਰੂਮ ਵਿੱਚ ਅੱਧ ਨੰਗਾ ਪਿਆ ਦੇਖਿਆ।

ਪੁਲਸ ਨੇ ਦੱਸਿਆ ਕਿ ਇਸ ਤੋਂ ਬਾਅਦ ਦੋਸਤ ਉਸ ਨੂੰ ਕਾਰਡੀਓਲੋਜੀ ਲੈ ਗਏ। ਜਿੱਥੇ ਡਾਕਟਰ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਤੇ ਉਸ ਦੇ ਦੋਸਤਾਂ ਨੇ ਹਸਪਤਾਲ ਦੇ ਡਾਕਟਰ ਨਾਲ ਬਹਿਸ ਕਰਨੀ ਸ਼ੁਰੂ ਕਰ ਦਿੱਤੀ।

ਹਸਪਤਾਲ ਪ੍ਰਬੰਧਕ ਦੀ ਸ਼ਿਕਾਇਤ ਤੇ ਸਵਰੂਪ ਨਗਰ ਦੇ ਇੰਸਪੈਕਟਰ ਸੂਰਿਆਬਲੀ ਪਾਂਡੇ ਵੀ ਪਹੁੰਚੇ ਅਤੇ ਘਟਨਾ ਦੀ ਸੂਚਨਾ ਨਜ਼ੀਰਾਬਾਦ ਦੇ ਇੰਸਪੈਕਟਰ ਅਮਨ ਸਿੰਘ ਨੂੰ ਦਿੱਤੀ। ਮੌਕੇ ਤੇ ਪਹੁੰਚੇ ਨੌਜਵਾਨ ਦੇ ਪਰਿਵਾਰਕ ਮੈਂਬਰਾਂ ਨੇ ਉਸ ਦੇ ਦੋਸਤਾਂ ਤੇ ਕਤਲ ਦਾ ਦੋਸ਼ ਲਗਾ ਕੇ ਹੰਗਾਮਾ ਕਰ ਦਿੱਤਾ। ਪੁਲੀਸ ਨੇ ਬੜੀ ਮੁਸ਼ਕਲ ਨਾਲ ਉਨ੍ਹਾਂ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਪੁਲਿਸ ਨੇ ਦੱਸਿਆ ਕਿ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
Ambulance Service 24hrs.
FACILITIES AVAILABLE
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements In Session 2022-23 | 18+ MOUs with Industries | upto 100% Scholarship Schemes*
Offering 20+ Programmes: Management | Commerce | Information Technology | Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN • 56 Colleges & Schools • 200 Merit Positions • 125 Companies For Placements • 75 Academic Courses • 2000 Placements In 2022 - 2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565